ਜ਼ਰੂਰੀ ਸੂਚਨਾ

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖਬਰ ਭੇਜਣ ਜਾਂ ਇਸ਼ਤਿਹਾਰ ਦੇਣ ਸਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551

Rni.PUNPUN/2022/85964

ਮਾਲਵਾ ਬਾਣੀ

E.mail. malwabani2021@gmail.com

ਸਾਲ 3 ■ ਅੰਕ 256 ■ 10 ਦਸੰਬਰ 2024 ■ ਮੰਗਲਵਾਰ ■ ਸ.ਫ਼ੇ 08 ■ ਮੁੱਲ 2 ਰੁਪਏ ■ ਸ੍ਰੀ ਮੁਕਤਸਰ ਸਾਹਿਬ

ਪੱਤਰਕਾਰਾਂ ਦੀ ਲੋੜ ਹੈ

ਸ੍ਰੀ ਮੁਕਤਸਰ ਸਾਹਿਬ ਤੋਂ ਰੋਜਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ। ਮੋ. 78890-72071

ਦਰਦਨਾਕ ਹਾਦਸੇ ਵਿੱਚ ਕਾਰ ਸਵਾਰ ਤਿੰਨ ਦੋਸਤਾਂ ਦੀ ਮੌਤ, ਕਾਰ ਹੋਈ ਚਕਨਾਚੂਰ

ਚੰਡੀਗੜ੍ਹ, 9 ਦਸੰਬਰ (ਜਗਤਾਰ ਸਮਾਲਸਰ) ਹਰਿਆਣਾ ਦੇ ਅੰਬਾਲਾ ਜੀਟੀ ਰੋਡ ਤੇ ਕਾਲੀ ਪਲਟਣ ਪੁਲ ਦੇ ਕੋਲ ਰਾਤ ਨੂੰ ਵਾਪਰੇ ਹਾਦਸੇ ਵਿਚ ਕਾਰ ਸਵਾਰ ਤਿੰਨ ਦੋਸਤਾਂ ਦੀ ਮੌਕੇ ਤੇ ਹੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਕਾਰ ਡਿਵਾਈਡਰ ਨਾਲ ਟਕਰਾ ਗਈ। ਇਸ ਤੋਂ ਬਾਅਦ ਇਹ ਦੂਜੀ ਲੇਨ 'ਚ ਜਾ ਕੇ ਕੈਂਟਰ ਨਾਲ ਟਕਰਾ ਗਈ। ਸੂਚਨਾ ਮਿਲਣ ਤੋਂ ਬਾਅਦ ਡਾਇਲ 112 ਦੀ ਟੀਮ ਮੌਕੇ ਤੇ ਪਹੁੰਚੀ ਅਤੇ ਬੜੀ ਮੁਸ਼ਕਲ ਨਾਲ ਲਾਸ਼ਾਂ ਬਾਹਰ ਕੱਢੀਆਂ। ਹਾਦਸਾ ਇੰਨਾ ਭਿਆਨਕ ਸੀ ਕਿ ਵਰਨਾ ਗੱਡੀ ਬੁਰੀ ਤਰ੍ਹਾਂ ਨਾਲ ਚਕਨਾਚੂਰ ਹੋ ਗਈ ਅਤੇ ਉਸ ਦੇ ਚਾਰੇ ਟਾਇਰ ਵੀ ਫੱਟ ਗਏ। ਮ੍ਰਿਤਕਾਂ ਦੀ ਪਛਾਣ ਵਰਿੰਦਰ ਕੁਮਾਰ ਉਰਫ ਜੋਨੀ (33), ਰਾਹੁਲ (32) ਵਾਸੀ ਸ਼ਾਹਬਾਦ ਅਤੇ ਅਸ਼ੋਕ ਕੁਮਾਰ ਵਾਸੀ ਕੈਥ ਮਾਜਰੀ, ਅੰਬਾਲਾ ਸ਼ਹਿਰ ਵਜੋਂ ਹੋਈ ਹੈ।

ਪੁਲੀਸ ਅਨੁਸਾਰ ਸਾਹਬਾਦ ਨਿਵਾਸੀ ਵਰਿੰਦਰ ਕੁਮਾਰ ਉਰਫ ਜੋਨੀ ਅਸ਼ੋਕ ਨੂੰ ਛੱਡਣ ਲਈ ਆਪਣੀ ਕਾਰ ਵਿੱਚ ਅੰਬਾਲਾ ਸ਼ਹਿਰ ਜਾ ਰਿਹਾ ਸੀ। ਉਸ ਦਾ ਦੋਸਤ ਰਾਹੁਲ ਵੀ ਉਸ ਦੇ ਨਾਲ ਸੀ। ਜਦੋਂ ਉਹ ਅੰਬਾਲਾ ਕੈਂਟ ਦੀ ਲਾਲ ਕੁੜਤੀ ਕੋਲ ਪਹੁੰਚੇ ਤਾਂ ਅਚਾਨਕ ਕਾਰ ਦੇ ਸਾਹਮਣੇ ਜਾਨਵਰ ਦਿਖਾਈ ਦਿੱਤਾ। ਵਰਿੰਦਰ ਨੇ ਕਾਰ ਨੂੰ ਕਾਬੂ ਕਰਨ ਦੀ ਕਾਫੀ ਕੋਸ਼ਿਸ਼ ਕੀਤੀ ਪਰ ਤੇਜ਼ ਰਫਤਾਰ ਕਾਰਨ ਕਾਰ ਡਿਵਾਈਡਰ ਨਾਲ ਟਕਰਾ ਕੇ ਦੂਜੀ ਲੇਨ ਵਿਚ ਜਾ ਰਹੇ ਕੈਂਟਰ ਦੇ ਥੱਲੇ ਵੜ ਗਈ। ਇਸ ਹਾਦਸੇ ਵਿਚ ਤਿੰਨਾਂ ਦੋਸਤਾਂ ਦੀ ਮੌਕੇ ਤੇ ਹੀ ਮੌਤ ਹੋ ਗਈ। ਡਰਾਈਵਰ ਸੀਟ ਤੇ ਬੈਠਾ ਨੌਜਵਾਨ ਕਾਫੀ ਦੇਰ ਅੰਦਰ ਫਸਿਆ ਰਿਹਾ। ਜਾਣਕਾਰੀ ਅਨੁਸਾਰ ਹਾਦਸੇ ਤੋਂ ਪਹਿਲਾਂ ਤਿੰਨਾਂ ਦੋਸਤਾਂ ਨੇ ਕਾਰ ਵਿੱਚ ਹੀ ਵੀਡੀਓ ਵੀ ਬਣਾਈ ਸੀ।

ਘਰੋਂ ਸੱਦਕੇ ਕਤਲ ਕੀਤੇ ਨੌਜਵਾਨ ਦੀ ਲਾਸ਼ ਹਾਈਵੇ 'ਤੇ ਰੱਖ ਕੇ ਲਾਇਆ ਧਰਨਾ

6 ਦਸੰਬਰ ਨੂੰ ਹੋਏ ਕਤਲ ਦੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਨਾ ਹੋਣ ਕਾਰਨ ਵਾਰਸਾਂ 'ਚ ਰੋਸ; ਮਾਮਲਾ ਨਸ਼ਿਆਂ ਨਾਲ ਜੁੜਿਆ ਹੋਣ ਦੇ ਲਾਏ ਦੋਸ਼

ਮਲੋਟ 09 ਦਸੰਬਰ (ਹਰਦੀਪ ਸਿੰਘ ਖਾਲਸਾ)- ਸਬ ਡਵੀਜਨ ਮਲੋਟ ਅਧੀਨ ਆਉਂਦੀ ਪਿੰਡ ਕਿੱਲਿਆਂਵਾਲੀ ਵਿਚ ਬੀਤੀ 6 ਦਿਸੰਬਰ ਦੀ ਰਾਤ ਨੂੰ ਇਕ 27 ਸਾਲਾਂ ਦੇ ਨੌਜਵਾਨ ਨੂੰ ਘਰੋਂ ਸੱਦਕੇ ਕਈ ਲੋਕਾਂ ਵੱਲੋਂ ਹਮਲਾ ਕਰਕੇ ਮੌਤ ਦੇ ਘਾਟ ਉਤਾਰ ਦੇਣ ਤੋਂ ਬਾਅਦ ਪਰਿਵਾਰ ਨੇ ਦੋਸ਼ੀਆਂ ਦੀ ਗਿਰਫਤਾਰੀ ਦੀ ਮੰਗ ਨੂੰ ਲੈ ਕੇ ਦੇ ਸੌਂਕੜੇ ਲੋਕਾਂ ਦੇ ਨਾਲ ਕਤਲ ਕੀਤੇ ਨੌਜਵਾਨ ਵਿਕਰਮ ਸਿੰਘ ਦੀ ਲਾਸ਼ ਅੱਜ ਡੱਬਵਾਲੀ-ਮਲੋਟ ਐਨਐਚ-9 'ਤੇ ਰੱਖ ਕੇ ਸੜਕ ਉੱਪਰ ਧਰਨਾ ਲਗਾ ਦਿੱਤਾ ਹੈ। ਐਨਐਚ ਉੱਪਰ ਧਰਨਾ ਲੱਗਣ ਦੇ ਦੋ ਘੰਟੇ ਬਾਅਦ ਵੀ ਪੰਜਾਬ ਪੁਲੀਸ ਦਾ ਕੋਈ ਅਧਿਕਾਰੀ ਮੌਕੇ 'ਤੇ ਨਹੀਂ ਪੁੱਜਿਆ ਸੀ। ਲੋਕਾਂ ਦਾ ਰੋਸ ਹੈ ਕਿ ਘਟਨਾ ਦੇ ਤੀਸਰੇ ਦਿਨ ਤੱਕ ਕਤਲ ਕਾਂਡ ਦੇ ਮੁਲਜ਼ਮਾਂ ਦੀ ਗ੍ਰਿਫਤਾਰੀ ਨਹੀਂ ਕੀਤੀ ਗਈ। ਇਸ ਮਾਮਲੇ ਵਿੱਚ ਪੁਲੀਸ ਨੇ ਅੱਠ ਜਣਿਆਂ ਨੂੰ ਨਾਮਜ਼ਦ ਕਰਕੇ ਕੁੱਲ 13 ਜਣਿਆਂ ਖਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ। ਧਰਨਾਕਾਰੀਆਂ ਨੇ ਵਿਕਰਮ ਦੇ ਕਾਤਲਾਂ ਨੂੰ ਤਰੁੰਤ ਗ੍ਰਿਫ਼ਤਾਰ ਕਰਨ ਦੀ ਮੰਗ ਕਰ ਰਹੇ ਹਨ। ਮ੍ਰਿਤਕ ਦੇ ਵਾਰਸਾਂ ਅਤੇ ਪਿੰਡ ਵਾਸੀਆਂ ਦਾ ਦੋਸ਼ ਹੈ ਕਿ ਉਨਾਂ ਦੇ ਪੁੱਤ ਦੇ ਹੋਏ ਕਤਲ ਕਾਂਡ ਵਿਚ ਸਿੱਧੇ ਤੌਰ 'ਤੇ ਨਸ਼ਿਆਂ ਦੇ ਵਿਰੋਧ ਨਾਲ ਜੁੜਿਆ ਹੋਇਆ ਹੈ। ਪੁਲੀਸ ਨੇ ਕਤਲ ਸਬੰਧੀ ਦਰਜ ਐਫਆਈਆਰ ਵਿਚ ਨਸ਼ਿਆਂ ਦਾ ਕੋਈ ਜ਼ਿਕਰ ਨਹੀਂ ਕੀਤਾ। ਜਦਕਿ ਪੁਲਿਸ ਨੂੰ ਨਸ਼ਿਆਂ ਸਬੰਧੀ ਬਿਆਨ ਦਿੱਤੇ ਗਏ ਸਨ। ਮੁਹੱਲਾ ਵਾਸੀਆਂ ਨੇ ਕਿਹਾ ਕਿ ਪੁਲੀਸ ਵੱਲੋਂ ਕਥਿਤ ਤੌਰ 'ਤੇ ਨਸ਼ੇ ਦੇ ਵਪਾਰੀਆਂ ਨੂੰ ਬਚਾਉਣ ਲਈ ਹੱਤਿਆਕਾਂਡ ਨੂੰ ਰੰਜਿਸ਼ ਤੇ ਜਗਰਾਤੇ ਮੌਕੇ ਲੜਾਈ ਨਾਲ ਜੋੜਿਆ ਜਾ ਰਿਹਾ ਹੈ। ਲੋਕਾਂ ਨੇ ਦੋਸ਼ ਲਗਾਇਆ ਕਿ ਪਿੰਡ ਨਸ਼ਾ ਤਸਕਰੀ ਦਾ ਗੜ੍ਹ ਬਣਿਆ ਹੋਇਆ ਹੈ। ਪਹਿਲਾਂ ਸਿਰਫ਼ ਮੋਬਾਇਲ ਟਾਵਰ ਖੇਤਰ 'ਚ ਨਸ਼ੇ ਵਿਕਦੇ ਸਨ। ਹੁਣ ਨਸ਼ੇ ਗਲੀ-ਗਲੀ ਪੁੱਜ ਚੁੱਕੇ ਹਨ। ਲੋਕਾਂ ਮੁਤਾਬਕ ਇੱਥੇ 30-35 ਜਣੇ ਨਸ਼ਾ ਤਸਕਰੀ 'ਚ ਪ੍ਰਮੁੱਖ ਹਨ। ਹੁਣ 13-14 ਸਾਲਾ ਬੱਚੇ, ਲੜਕੀਆਂ ਤੇ ਔਰਤਾਂ ਵੀ ਸਪਲਾਈ ਚੇਨ ਦਾ ਹਿੱਸਾ ਬਣਾ ਲਏ ਹਨ, ਹੁਣ ਬਾਹਰੋਂ ਨੌਜਵਾਨ 'ਤੇ ਨਸ਼ਾ ਲੈਣ ਆਉਂਦੇ ਹਨ। ਪੁਲੀਸ ਵੱਲੋਂ ਮੁਲਜ਼ਮਾਂ ਨੂੰ ਛੇਤੀ ਗ੍ਰਿਫ਼ਤਾਰ ਕਰਨ ਦਾ ਭਰੋਸਾ ਦਿੱਤਾ ਲੋਕਾਂ ਦੇ ਇਕੱਠੇ ਹੋਣ ਦੀ ਸੂਚਨਾ ਮਿਲਣ 'ਤੇ ਲੰਬੀ ਦੇ ਡੀਐਸਪੀ ਜਸਪਾਲ ਸਿੰਘ ਅਤੇ ਥਾਣਾ ਲੰਬੀ ਦੇ ਮੁਖੀ ਗੁਰਮੀਤ ਸਿੰਘ ਮੌਕੇ 'ਤੇ ਪੁੱਜੇ। ਉਨ੍ਹਾਂ ਛੇ ਦਿਨਾਂ 'ਚ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਤੇ ਪਿੰਡ ਕਿੱਲਿਆਂਵਾਲੀ ਨੂੰ ਨਸ਼ਾ ਤਸਕਰ ਤੋਂ ਮੁਕਤ ਕਰਨ ਦਾ ਭਰੋਸਾ ਦਿਵਾਇਆ। ਥਾਣਾ ਕਿੱਲਿਆਂਵਾਲੀ ਦੇ ਮੁਖੀ ਗੁਰਦੀਪ ਸਿੰਘ ਨੇ ਕਿਹਾ ਕਿ ਵਾਰਸਾਂ ਦੇ ਬਿਆਨਾਂ 'ਤੇ ਐਫਆਈਆਰ ਦਰਜ ਹੋਈ ਹੈ। ਬਿਆਨਾਂ 'ਚ ਨਸ਼ਿਆਂ ਦਾ ਜ਼ਿਕਰ ਹੁੰਦਾ ਤਾਂ ਉਹ ਦਰਜ ਹੋਣਾ ਜਾਣਾ ਸੀ। ਉਨ੍ਹਾਂ ਕਿਹਾ ਕਿ ਮੁਲਜ਼ਮਾਂ ਦੀ ਭਾਲ ਜਾਰੀ ਹੈ।

ਲਾਪ੍ਰਵਾਹੀ ਤੇ ਤੇਜ਼ ਰਫ਼ਤਾਰੀ ਨਾਲ ਕਾਰ ਚਲਾਉਣ ਕਾਰਨ ਇਕ ਵਿਅਕਤੀ ਦੀ ਸੜਕ ਹਾਦਸੇ ਵਿਚ ਮੌਤ, ਪੁਲਿਸ ਵੱਲੋਂ ਮਾਮਲਾ ਦਰਜ

ਗਿੱਦੜਬਾਹਾ, 9 ਦਸੰਬਰ (ਕੁਲਭੂਸ਼ਨ ਗਰਗ) - ਥਾਣਾ ਕੋਟਭਾਈ ਪੁਲਿਸ ਨੇ ਕਾਰ ਸਵਾਰ ਇਕ ਵਿਅਕਤੀ ਵਿਰੁੱਧ ਲਾਪ੍ਰਵਾਹੀ ਤੇ ਤੇਜ਼ ਰਫਤਾਰੀ ਨਾਲ ਕਾਰ ਚਲਾਉਣ ਕਾਰਨ ਇਕ ਵਿਅਕਤੀ ਦੀ ਸੜਕ ਹਾਦਸੇ ਵਿਚ ਮੌਤ ਹੋ ਜਾਣ ਤੇ ਮਾਮਲਾ ਦਰਜ ਕੀਤਾ ਹੈ। ਪੁਲਿਸ ਪਾਸ ਦਰਜ ਬਿਆਨਾ ਵਿਚ ਅਰਵਿੰਦਰ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਕੋਠੇ ਲੇਟਾਂ ਸਿੰਘ ਵਾਲੇ ਪਿੰਡ ਕੋਟਲੀ ਅਬਲੂ ਨੇ ਦੱਸਿਆ ਕਿ ਉਸਦੇ ਪਿਤਾ ਜਸਪਾਲ ਸਿੰਘ ਅਤੇ ਹਰਜਿੰਦਰ ਸਿੰਘ ਮੋਟਰਸਾਈਲ ਨੰ ਪੀ.ਬੀ.30ਪੀ.-0254 ਰਾਹੀਂ ਕੰਮਕਾਰ ਦੇ ਸੰਬੰਧ ਵਿਚ ਜੈਤੋ ਤੋਂ ਵਾਪਿਸ ਆ ਕੇ ਘਰ ਦੇ ਬਾਹਰ ਖੜ੍ਹੇ ਸਨ ਅਤੇ ਇਸ ਦੌਰਾਨ ਉਸਦੇ ਪਿਤਾ ਜਸਪਾਲ ਸਿੰਘ ਮੋਟਰਸਾਈਕਲ ਤੋਂ ਹੇਠਾਂ ਉਤਰ ਆਏ ਜਦੋਂਕਿ ਹਰਜਿੰਦਰ ਸਿੰਘ ਮੋਟਰਸਾਈਕਲ ਤੇ ਹੀ ਬੈਠਾ ਸੀ ਕਿ ਉਸੇ ਸਮੇਂ ਇਕ ਕਾਰ ਨੰ ਪੀ.ਬੀ.03ਬੀਐਮ-7488 ਜੋ ਜੈਤੋ ਵਾਲੀ ਸਾਈਡ ਤੋਂ ਆ ਰਹੀ ਸੀ ਅਤੇ ਜਿਸਦੇ ਡਰਾਇਵਰ ਨੇ ਕਾਰ ਨੂੰ ਬੜੀ ਰਫ਼ਤਾਰ ਅਤੇ ਲਾਪ੍ਰਵਾਹੀ ਨਾਲ ਹਰਜਿੰਦਰ ਸਿੰਘ ਅਤੇ ਜਸਪਾਲ ਸਿੰਘ ਦੇ ਵਿਚ ਮਾਰਿਆ ਜਿਸ ਨਾਲ ਉਸਦੇ ਪਿਤਾ ਜਸਪਾਲ ਸਿੰਘ ਅਤੇ ਹਰਜਿੰਦਰ ਸਿੰਘ ਦੇ ਕਾਫੀ ਸੱਟਾਂ ਲੱਗੀਆਂ ਜਦੋਂਕਿ ਮੋਟਰਸਾਈਕਲ ਵੀ ਨੁਕਸਾਨਿਆ ਗਿਆ। ਜਖਮੀ ਹਰਜਿੰਦਰ ਸਿੰਘ ਨੂੰ ਭੁੱਚੋ ਦੇ ਅਤੇ ਜਸਪਾਲ ਸਿੰਘ ਨੂੰ ਬਠਿੰਡਾ ਦੇ ਨਿੱਜੀ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ, ਜਿੱਥੇ ਉਸਦੇ ਪਿਤਾ ਜਸਪਾਲ ਸਿੰਘ ਦੀ ਮੌਤ ਹੋ ਗਈ। ਕਾਰ ਚਾਲਕ ਦੀ ਪਹਿਚਾਣ ਝਿਰਮਲ ਸਿੰਘ ਪੁੱਤਰ ਗੁਰਦਾਸ ਸਿੰਘ ਵਾਸੀ ਪਿੰਡ ਗੰਗਾ ਅਬਲੂ ਕੀ ਜਿਲ੍ਹਾ ਬਠਿੰਡਾ ਵਜੋਂ ਹੋਈ ਹੈ। ਉੱਧਰ ਥਾਣਾ ਕੋਟਭਾਈ ਪੁਲਿਸ ਨੇ ਉਕਤ ਝਿਰਮਨ ਸਿੰਘ ਵਿਰੁੱਧ ਵੱਖ ਵੱਖ ਧਾਰਾਵਾਂ ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਫੋਨ ਕਰਕੇ ਬੁਲਾਈ ਟੈਕਸੀ, ਰਾਸਤੇ ਵਿਚ ਖੋਹੀ, ਪੁਲਿਸ ਵੱਲੋਂ ਅਣਪਛਾਤਿਆਂ ਵਿਰੁੱਧ ਮਾਮਲਾ ਦਰਜ

ਗਿੱਦੜਬਾਹਾ, 9 ਦਸੰਬਰ (ਕੁਲਭੂਸ਼ਨ ਗਰਗ) - ਥਾਣਾ ਕੋਟਭਾਈ ਅਧੀਨ ਪੈਂਦੇ ਪਿੰਡ ਧੂਲਕੋਟ ਨੇੜੇ ਕਿਰਾਏ ਤੇ ਫੋਨ ਕਰਕੇ ਬੁਲਾਈ ਟੈਕਸੀ (ਕਾਰ) ਨੂੰ ਅਣਪਛਾਤਿਆਂ ਵੱਲੋਂ ਖੋਹ ਕੇ ਫਰਾਰ ਦਾ ਮਾਮਲਾ ਸਾਹਮਣੇ ਆਇਆ ਹੈ। ਥਾਣਾ ਕੋਟਭਾਈ ਵਿਖੇ ਦਰਜ ਕਰਵਾਏ ਬਿਆਨਾ ਵਿਚ ਪੀੜ੍ਹਿਤ ਸਿਮਰਜੀਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਵਾਰਡ ਨੰ 11 ਨੇੜੇ ਫੌਜੀ ਚੌਕ, ਗਿੱਦੜਬਾਹਾ ਨੇ ਦੱਸਿਆ ਕਿ ਬੀਤੀ ਸ਼ਾਮ ਉਸਦੇ ਮੋਬਾਇਲ ਫੋਨ ਤੇ ਇਕ ਫੋਨ ਆਇਆ ਅਤੇ ਫੋਨ ਕਰਨ ਵਾਲੇ ਦੱਸਿਆ ਕਿ ਉਹ ਸੋਨੀ ਫੁੱਲਾਂ ਵਾਲਾ ਨੇੜੇ ਆਰ.ਓ. ਗਿੱਦੜਬਾਹਾ ਵਿਖੇ ਖੜ੍ਹੇ ਹਨ ਅਤੇ ਉਨ੍ਹਾਂ ਨਾਲ ਇਕ ਲੇਡੀਜ਼ ਸਵਾਰੀ ਹੈ ਅਤੇ ਉਨ੍ਹਾ ਨੇ ਪਿੰਡ ਮਲੋਣ ਜਾਣਾ ਹੈ। ਜਿਸ ਤੇ ਉਹ ਆਪਣੀ ਕਾਰ ਲੈ ਕੇ ਦੱਸੀ ਜਗ੍ਹਾ ਤੇ ਪੁੱਜਾ ਜਿੱਥੇ 2 ਨੌਜਵਾਨ ਅਤੇ ਇਕ ਨੌਜਵਾਨ ਲੜਕੀ ਖੜੇ ਮਿਲੇ। ਉਕਤਾਨ ਨੇ ਉਸਨੂੰ ਦੱਸਿਆ ਕਿ ਉਨ੍ਹਾਂ ਨੂੰ ਕੋਈ ਟੈਕਸੀ ਗੱਡੀ ਨਹੀਂ ਮਿਲੀ ਜਿਸ ਕਰਕੇ ਉਸਦਾ ਨੰਬਰ ਕਿਸੇ ਵਿਅਕਤੀ ਪਾਸੋਂ ਹਾਸਲ ਕਰਕੇ ਉਨ੍ਹਾਂ ਸਿਮਰਜੀਤ ਸਿੰਘ ਨਾਲ ਗੱਲਬਾਤ ਕੀਤੀ ਹੈ। ਇਸ ਦੌਰਾਨ ਉਕਤ ਤਿੰਨੋ ਉਸਦੀ ਕਾਰ ਵਿਚ ਬੈਠ ਗਏ ਅਤੇ ਪਿੰਡ ਮੱਲਣ ਨੂੰ ਚੱਲ ਪਏ। ਜਦੋਂ ਉਹ ਪਿੰਡ ਧੂਲਕੋਟ ਪੁੱਜੇ ਤਾਂ ਉਕਤਾਨ ਨੇ ਕਿਹਾ ਕਿ ਧੂਲਕੋਟ ਤੋਂ ਮੱਲਣ ਵਾਲੀ ਸੜਕ ਖਰਾਬ ਹੈ ਅਤੇ ਆਪਾਂ ਵਾਇਆ ਗੁੜੀਸੰਘਰ ਵਾਲੀ ਸੜਕ ਤੋਂ ਮਲੋਣੇ ਚਲੇ ਜਾਂਦੇ ਹਨ। ਜਦੋਂ ਕਾਰ ਧੂਲਕੋਟ ਤੋਂ ਕਰੀਬ 2 ਕਿਲੋਮੀਟਰ ਅੱਗੇ ਇੰਟਾਂ ਵਾਲੇ ਭੱਠੇ ਤੋਂ ਕੁਝ ਅੱਗੇ ਪੁੱਜੀ ਤਾਂ ਉਸਦੀ ਸੀਟ ਦੇ ਪਿੱਛੇ ਬੈਠੇ ਨੌਜਵਾਨ ਨੇ ਉਸਦੇ ਗਲੇ ਵਿਚ ਕੱਪੜੇ ਦਾ ਪਰਨਾ ਪਾ ਲਿਆ, ਜਿਸ ਤੇ ਉਸਨੇ ਕਾਰ ਨੂੰ ਬੰਦ ਕਰਕੇ ਚਾਬੀ ਆਪਣੇ ਹੱਥ ਵਿਚ ਪਕੜ ਲਈ। ਇਸ ਦੌਰਾਨ ਕਾਰ ਦੀ ਕੰਡਕਟਰ ਸੀਟ ਤੇ ਬੈਠੇ ਨੌਜਵਾਨ ਨੇ ਉਸਨੂੰ ਆਪਣੇ ਵੱਖ ਖਿੱਚ ਲਿਆ ਅਤੇ ਪਿੱਛੇ ਬੈਠੇ ਨੌਜਾਵਨ ਨੇ ਕਾਰ ਤੋਂ ਹੇਠਾਂ ਉਤਰ ਕੇ ਉਸਦੇ ਹੱਥੋਂ ਕਾਰ ਦੀ ਚਾਬੀ ਖੋਹ ਲਈ ਉਸਨੂੰ ਕਾਰ ਵਿਚੋਂ ਖਿੱਚ ਕੇ ਬਾਹਰ ਸੁੱਟ ਦਿੱਤਾ ਅਤੇ ਜਾਨੋ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਕਾਰ ਭਜਾ ਕੇ ਲੈ ਗਏ। ਉੱਧਰ ਉਕਤ ਮਾਮਲੇ ਵਿਚ ਥਾਣਾ ਕੋਟਭਾਈ ਪੁਲਿਸ ਨੇ 2 ਅਣਪਛਾਤੇ ਨੌਜਵਾਨਾ ਵਿਰੁੱਧ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਜਾਨ ਦਾ ਖੌ ਬਣਦੀ ਜਾ ਰਹੀ ਹੈ ਗੁਰੂ ਘਰ ਨੇੜੇ ਬਣੀ ਪੁਰਾਤਨ ਖਸਤਾ ਹਾਲਤ ਪੁਲੀ

ਮਾਛੀਵਾੜਾ ਸਾਹਿਬ 9 ਦਸੰਬਰ (ਮਾਸਟਰ ਸਤੀਸ਼ ਕੁਮਾਰ) ਮਾਛੀਵਾੜਾ ਸਾਹਿਬ ਦੇ ਪਾਵਨ ਤੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਚਰਨ ਕਵਲ ਸਾਹਿਬ ਦੇ ਨਜ਼ਦੀਕ ਹੀ ਅੰਗਰੇਜ਼ਾਂ ਵੇਲੇ ਦੀ ਬਣੀ ਪੁਲੀ ਜਿਸ ਤੋਂ ਨੂਰਪੁਰ ਬੁਰਜ਼ ਆਦਿ 10 ਵਧੇਰੇ ਪਿੰਡਾਂ ਦੇ ਰਾਹਗੀਰ ਹਰ ਰੋਜ਼ ਲੰਘਕੇ ਆਪਣਾ ਸਫ਼ਰ ਤਹਿ ਕਰਦੇ ਹਨ, ਉਹ ਇਸ ਕਦਰ ਟੁੱਟ ਚੁੱਕੀ ਹੈ ਕਿ ਕਿਸੇ ਵੇਲੇ ਵੀ ਉੱਥੇ ਵੱਡਾ ਹਾਦਸਾ ਹੋ ਸਕਦਾ ਹੈ। ਸਮਾਜ ਸੇਵੀ ਗੁਰਿੰਦਰ ਸਿੰਘ ਨੂਰਪੁਰ ਨੇ ਲੰਬੇ ਪਿਛਲੇ ਲੰਮੇ ਸਮੇਂ ਤੋਂ ਇਸ ਪੁਲੀ ਨੂੰ ਖੁੱਲ੍ਹਾ ਕਰਕੇ ਬਣਾਉਣ ਅਤੇ ਰੋਡ ਦੀ ਖਸਤਾ ਹਾਲਤ ਨੂੰ ਸੁਧਾਰਨ ਪ੍ਰਤੀ ਵਾਰ-ਵਾਰ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਹੈ। ਉਹਨਾਂ ਗੱਲਬਾਤ ਕਰਦਿਆਂ ਦੱਸਿਆ ਕਿ ਭਾਰਤ ਅਜਾਦ ਹੋਣ ਤੋਂ ਪਹਿਲਾਂ ਗੋਰਿਆਂ ਦੇ ਸਮੇਂ ਤੋਂ ਬਣੀ ਹੋਈ ਇਹ ਪੁਲੀ ਜਿੱਥੇ ਦਸ ਤੋਂ ਵਧੇਰੇ ਪਿੰਡਾਂ ਨੂੰ ਸ਼ਹਿਰ ਨਾਲ ਜੋੜਦੀ ਹੈ ਉੱਥੇ ਹੀ ਵੱਖ-ਵੱਖ ਧਾਰਮਿਕ ਸਮਾਗਮਾਂ ਖਾਸ ਤੌਰ ਤੇ ਸਭਾ ਦੇ ਦਿਨਾਂ ਦੌਰਾਨ ਇਸ ਰਸਤਿਓਂ ਦੂਰ ਦੁਰਾਡਿਓਂ ਵੀ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਗੁਰੂ ਘਰ ਨਤਮਸਤਕ ਹੋਣ ਲਈ ਲੰਘਦੀ ਹੈ। ਇਸਦੇ ਤੰਗ ਅਤੇ ਖਸਤਾ ਹਾਲਤ ਹੋਣ ਕਰਕੇ ਐਥੇ ਬਹੁਤ ਵਾਰ ਹਾਦਸੇ ਹੋ ਚੁੱਕੇ ਹਨ, ਇਲਾਕੇ ਦੇ ਸਮਾਜ ਸੇਵੀ ਅਤੇ ਹੋਰ ਸੰਸਥਾਵਾਂ ਵੱਲੋਂ ਵਾਰ-ਵਾਰ ਇਸ ਪੁਲੀ ਦੀ ਮੁਰੰਮਤ ਅਤੇ ਇਸ ਤੰਗ ਪੁਲੀ ਨੂੰ ਹੋਰ ਖੁੱਲ੍ਹਾ ਕਰਕੇ ਬਣਾਉਣ ਸਬੰਧੀ ਮੰਗਾਂ ਵੀ ਮੰਗੀਆਂ ਪਰ ਪੂਣੀ ਦੀ ਹਾਲਤ ਸੁਧਾਰਨ ਦੀ ਬਜਾਏ ਇਸ ਉੱਤੇ ਜਿਆਦਾ ਆਵਾਜਾਈ ਹੋਣ ਕਾਰਨ ਇਹ ਹੋਰ ਖਸਤਾ ਹਾਲਤ ਹੁੰਦੀ ਜਾ ਰਹੀ ਹੈ। ਸਮਾਜ ਸੇਵੀ ਸੰਸਥਾਵਾਂ ਅਤੇ ਲੋਕਾਂ ਦੀ ਸਰਕਾਰ ਪਾਸੋਂ ਪੁਰਜ਼ੋਰ ਮੰਗ ਹੈ ਕਿ ਇਸ ਸੂਏ(ਡਰੇਨ) ਉਤੇ ਤੁਰੰਤ ਪਹਿਲ ਦੇ ਅਧਾਰ ਕਾਰਵਾਈ ਕਰਕੇ ਨਵਾਂ ਚੌੜਾ ਪੁੱਲ ਬਣਾਇਆ ਜਾਵੇ । ਸੰਬੰਧਤ ਪ੍ਰਸ਼ਾਸ਼ਨ ਅਤੇ ਉਚ ਅਧਿਕਾਰੀਆਂ ਦੇ ਧਿਆਨ ਵਿੱਚ ਵੀ ਬਾਰ-ਬਾਰ ਇਸ ਪੁਲੀ ਦਾ ਮੁੱਦਾ ਲਿਆਂਦਾ ਜਾ ਚੁੱਕਾ ਹੈ। ਇਸਦੇ ਨਾਲ ਦਸ ਪਿੰਡਾਂ ਨੂੰ ਸ਼ਹਿਰ ਨਾਲ ਜੋੜਨ ਵਾਲੀ ਨੂਰਪੁਰ

ਸਵੈ ਸੇਵੀ ਸੰਸਥਾਵਾਂ, ਪੰਚਾਇਤਾਂ ਅਤੇ ਆਮ ਲੋਕਾਂ ਦਾ ਸਾਥ ਸਮਾਜ ਲਈ ਲਾਹੇਵੰਦ ਰਹੇਗਾ-ਡਾ ਭੀਮਇੰਦਰ ਸਿੰਘ

ਜਨ ਸੇਵਾ ਸੁਸਾਇਟੀ ਵੱਲੋਂ ਸਮਾਜ ਸੇਵਾ ਦੇ ਕੰਮ ਕਰਨਾ ਸ਼ਲਾਘਾਯੋਗ ਉਪਰਾਲਾ : ਚਰਨ ਸਿੰਘ, ਚੇਅਰਮੈਨ ਸੁਰਿੰਦਰ ਸ਼ਰਮਾਂ

ਨਾਭਾ 9 ਦਸੰਬਰ (ਤਰੁਣ ਮਹਿਤਾਂ) ਅੱਜ ਨਾਭਾ ਦੇ ਪਿੰਡ ਕਕਰਾਲਾ ਵਿਖੇ ਪਿਛਲੇ 25 ਸਾਲ ਦੇ ਅਰਸੇ ਤੋਂ ਪੇਂਡੂ ਇਲਾਕਿਆਂ ਅਤੇ ਨਾਭਾ ਸ਼ਹਿਰ ਵਿੱਚ ਡਾਕਟਰ ਆਈ ਡੀ ਗੋਇਲ ਸਾਬਕਾ ਸਿਵਲ ਸਰਜਨ ਮੁੱਖ ਸਰਪ੍ਰਸਤ ਅਤੇ ਡਾਕਟਰ ਧੀਰ ਸਿੰਘ ਸੰਸਥਾਪਕ ਜਨਰਲ ਸਕੱਤਰ ਦੀ ਅਗਵਾਈ ਹੇਠ ਸਮਾਜ ਸੇਵਾ ਦੇ ਕਾਰਜ ਕਰਦੀ ਆ ਰਹੀ ਸਵੈ ਸੇਵੀ ਸੰਸਥਾਵਾਂ ਜਨਸੇਵਾ ਸੁਸਾਇਟੀ ਫਾਰ ਆਈ ਕੇਅਰ ਐਂਡ ਏਡਜ਼ ਅਵੇਅਰਨੈੱਸ ਰਜਿ ਪਿੰਡ ਕਕਰਾਲਾ ਵੱਲੋਂ ਸੁਸਾਇਟੀ ਦੇ ਸਮਾਜ ਸੇਵਾ ਦੇ ਕਾਰਜ ਵਿੱਚ 25 ਸਾਲ ਪੂਰੇ ਹੋਣ ਤੇ ਸੁਸਾਇਟੀ ਦਾ ਸਿਲਵਰ ਜੁਬਲੀ ਸਮਾਰੋਹ ਦੇ ਮੌਕੇ ਪੰਚਾਇਤ ਘਰ ਪਿੰਡ ਕਕਰਾਲਾ ਵਿਖੇ ਅੱਜ ਇੱਕ ਸੈਮੀਨਾਰ ਸੁਸਾਇਟੀ ਦੇ ਪ੍ਰਧਾਨ ਭਗਵਾਨ ਸਿੰਘ ਸਰਾਂ, ਕੈਸ਼ੀਅਰ ਸ ਗੁਰਮੇਲ ਸਿੰਘ ਛੱਜੂ ਭੱਟ, ਸੀਨੀਅਰ ਮੈਂਬਰ ਹਰਭਜਨ ਸਿੰਘ ਸਰਾਓ, ਬਲੱਡ ਡੋਨੇਸਨ ਕੋਅੰਡੀਨੇਟਰ ਸ੍ਰੀ ਵਿਕਾਸ ਮਿੱਤਲ ਅਤੇ ਸਰਪ੍ਰਸਤ ਡਾਕਟਰ ਮਲਕੀਤ ਸਿੰਘ ਚੰਡੀਗੜ੍ਹ ਤੇ ਅਧਾਰਿਤ ਪ੍ਰਬੰਧਕੀ ਕਮੇਟੀ ਦੀ ਅਗਵਾਈ ਹੇਠ ਕਰਵਾਇਆ ਗਿਆ। ਸੁਸਾਇਟੀ ਦੇ ਸੀਨੀਅਰ ਮੈਂਬਰ ਅਮਰੀਕ ਸਿੰਘ ਬੌੜਾਂ ਅਤੇ ਨਿਰਭੈ ਸਿੰਘ ਬੌੜਾਂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੈ ਸੇਵੀ ਸੰਸਥਾਵਾਂ, ਪੰਚਾਇਤਾਂ ਅਤੇ ਆਮ ਲੋਕਾਂ ਦਾ ਸੁਮੇਲ ਅਤੇ ਭੂਮਿਕਾ ਵਿਸ਼ੇਸ਼ ਤੇ ਕਰਵਾਏ ਇਸ ਸੈਮੀਨਾਰ ਵਿੱਚ ਮਲਕੀਤ ਐਗਰੋ ਟੈੱਕ ਪ੍ਰਾ ਲਿਮਟਿਡ ਨਾਭਾ ਦੇ ਮੈਨੇਜਿੰਗ ਡਾਇਰੈਕਟਰ ਸ ਚਰਨ ਸਿੰਘ ਜੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਹਨਾਂ ਦੱਸਿਆ ਕਿ ਇਸ ਸੈਮੀਨਾਰ ਵਿਚ ਪ੍ਰਸਿੱਧ ਸਮਾਜ ਸ਼ਾਸਤਰੀ ਡਾਕਟਰ ਭੀਮਇੰਦਰ ਸਿੰਘ ਡਾਇਰੈਕਟਰ ਵਿਸ਼ਵ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਸ੍ਰੀ ਵਿਨੋਦ ਕੁਮਾਰ ਗਾਗਟ, ਡਿਪਟੀ ਡਾਇਰੈਕਟਰ ਪੰਚਾਇਤ ਵਿਭਾਗ ਵੱਲੋਂ ਮੁੱਖ ਬੁਲਾਰਿਆਂ ਨੇ ਹਾਜ਼ਰ ਇਲਾਕਾ ਨਿਵਾਸੀਆਂ ਅਤੇ ਪੰਚਾਂ ਸਰਪੰਚਾਂ ਨੂੰ ਸੰਬੋਧਨ ਕੀਤਾ, ਸਾਰੇ ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਸਮਾਜ ਸੇਵੀ ਜਥੇਬੰਦੀਆਂ, ਪੰਚਾਇਤਾਂ ਅਤੇ ਆਮ ਲੋਕ ਜੇਕਰ ਆਪਸੀ ਸਹਿਯੋਗ ਅਤੇ ਸਾਂਝੀ ਸਮਝ ਅਪਣਾਕੇ ਸਮਾਜ ਵਿਚ ਵਿਚਰਨ ਤਾਂ ਇਸ ਦੇ ਨਿਸਚੇ ਹੀ ਬਿਹਤਰ ਨਤੀਜੇ ਆਉਣਗੇ ਅਤੇ ਸਮਾਗਮ ਵਿੱਚ ਪ੍ਰੋ ਸੁਰਿੰਦਰ ਪਾਲ ਸ਼ਰਮਾ ਚੇਅਰਮੈਨ ਇੰਮਪਰੂਵਮੈਂਟ ਟਰੱਸਟ ਨਾਭਾ ਅਤੇ ਡਾਕਟਰ ਹਰਦੀਪ ਸਿੰਘ ਰੰਧਾਵਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸੁਸਾਇਟੀ ਵੱਲੋਂ ਕਰਵਾਏ ਇਸ ਪ੍ਰੋਗਰਾਮ ਲਈ ਪ੍ਰਬੰਧਕਾਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਵਧਾਈ ਦਿੱਤੀ ਅਤੇ ਅੱਗੇ ਵੀ ਅਜਿਹੇ ਪ੍ਰੋਗਰਾਮ ਕਰਵਾਉਂਦੇ ਰਹਿਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੌਰਾਨ ਮੁੱਖ ਮਹਿਮਾਨ ਸ ਚਰਨ ਸਿੰਘ ਜੀਆਂ ਸੁਸਾਇਟੀ ਦੇ ਇਸ ਪਰੋਗਰਾਮ ਦੀ ਸ਼ਲਾਘਾ ਕਰਦਿਆਂ ਆਪਣੇ ਵੱਲੋਂ ਸੁਸਾਇਟੀ ਨੂੰ ਹਰ ਤਰ੍ਹਾਂ ਦੀ ਮੱਦਦ ਅਤੇ ਅਗਵਾਈ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਤੇ ਸੁਸਾਇਟੀ ਦੇ ਮੈਂਬਰਾਂ ਲਖਵਿੰਦਰ ਸਿੰਘ ,ਸ ਰਾਮ ਸਿੰਘ ਕਕਰਾਲਾ, ਅਮਰੀਕਸਿੰਘ ਕਕਰਾਲਾ, ਲਖਵਿੰਦਰ ਸਿੰਘ, ਸ੍ਰੀ ਰਕੇਸ਼ ਕੁਮਾਰ ਗਰਗ,ਸ ਮਿਹਰ ਸਿੰਘ, ਸ੍ਰੀ ਸੁਨੀਲ ਕੁਮਾਰ ਜੀ ਅਧਾਰਿਤ ਪ੍ਰਬੰਧਕੀ ਕਮੇਟੀ ਦੀ ਦੇਖ ਰੇਖ ਹੇਠ ਹੋਏ ਇਸ ਪ੍ਰੋਗਰਾਮ ਪ੍ਰੋਗਰਾਮ ਸਬੰਧੀ ਇਲਾਕੇ ਦੇ 150 ਤੋਂ ਵੱਧ ਦੇ ਕਰੀਬ ਪਤਵੰਤੇ ਸੱਜਣਾਂ ਅਤੇ ਨਵੇਂ ਚੁਣੇ ਗਏ ਪਿੰਡ ਕਕਰਾਲਾ,ਬਿਨਾਹੇੜੀ,ਸਾਧੋਹੇੜੀ, ਛੀਟਾਂਵਾਲਾ, ਛੱਜੂ ਭੱਟ ,ਅੱਚਲ ਅਤੇ ਤੁੰਗਾਂ ਪਿੰਡ ਦੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਸ਼ਾਮਲ ਹੋਏ । ਸਮਾਗਮ ਵਿੱਚ ਨਵੇਂ ਚੁਣੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੂੰ ਸੁਸਾਇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸੁਸਾਇਟੀ ਮੈਂਬਰਾਂ ਵੱਲੋਂ ਸੈਮੀਨਾਰ ਵਿੱਚ ਆਏ ਮਹਿਮਾਨਾਂ ਨੂੰ ਸੌਲ ਦੇ ਕੇ ਸਨਮਾਨਿਤ ਕੀਤਾ ਗਿਆ। ਸਾਰੇ ਪੰਚਾਂ ਸਰਪੰਚਾਂ ਨੇ ਸੁਸਾਇਟੀ ਦੇ ਇਸ ਕਾਰਜ ਦੀ ਸ਼ਲਾਘਾ ਕਰਦੇ ਹੋਏ ਆਪਣੇ ਵੱਲੋਂ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿਖੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ

ਭਗਤਾ ਭਾਈ, 9 ਦਸੰਬਰ (ਰਾਜਿੰਦਰ ਸਿੰਘ ਮਰਾਹੜ)-ਭਾਰਤ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਦੇ ਅਨੁਸਾਰ ਹਰਗੋਬਿੰਦ ਪਬਲਿਕ ਸਕੂਲ ਕਾਂਗੜ ਦੇ ਬੱਚਿਆਂ ਨੂੰ ਪੋਲੀਓ ਦੀਆਂ ਬੂੰਦਾਂ ਪਿਲਾਈਆਂ ਗਈਆਂ। ਆਸ਼ਾ ਵਰਕਰ ਬੇਅੰਤ ਕੌਰ ਅਤੇ ਨਸੀਬ ਕੌਰ ਨੇ ਬੱਚਿਆਂ ਨੂੰ ਬੂੰਦਾਂ ਪਿਲਾਈਆਂ। ਪ੍ਰਿੰਸੀਪਲ ਸੋਨੂੰ ਕੁਮਾਰ ਕਾਂਗੜ ਨੇ ਬੱਚਿਆਂ ਨੂੰ ਸਰੀਰਕ ਸਫਾਈ ਅਤੇ ਸਰੀਰ ਨੂੰ ਸਿਹਤ ਮੰਦ ਰੱਖਣ ਪ੍ਰਤੀ ਜਾਗਰੂਕ ਕੀਤਾ। ਉਨ੍ਹਾਂ ਬੱਚਿਆਂ ਨੂੰ ਦੱਸਿਆ ਗਿਆ ਕਿ ਖਾਣਾ ਖਾਣ ਤੋਂ ਪਹਿਲਾਂ ਹੱਥ ਧੋਣੇ ਅਤੇ ਖਾਣਾ ਖਾਣ ਤੋਂ ਬਾਅਦ ਹੱਥ ਧੋਣੇ ਲਾਜ਼ਮੀ ਹਨ। ਇਸ ਮੌਕੇ ਧਾਰਮਿਕ ਵਿਸ਼ੇ ਦੇ ਅਧਿਆਪਕਾ ਪਲਵਿੰਦਰ ਕੌਰ ਜਲਾਲ, ਨੀਤੂ ਸ਼ਰਮਾ, ਬਲਵਿੰਦਰ ਕੌਰ, ਰਣਜੀਤ ਕੌਰ, ਗਗਨਦੀਪ ਕੌਰ, ਜਸਪ੍ਰੀਤ ਕੌਰ, ਗੁਰਪ੍ਰੀਤ ਕੌਰ, ਪਵਨਪ੍ਰੀਤ ਕੌਰ, ਤਰਨਵੀਰ ਕੌਰ, ਕਰੀਤਿਕਾ ਸ਼ਰਮਾ, ਰਣਦੀਪ ਕੌਰ, ਮੰਦਰ ਸਿੰਘ, ਦਵਿੰਦਰ ਕੁਮਾਰ, ਹਰਵਿੰਦਰ ਸਿੰਘ ਆਦਿ ਹਾਜ਼ਰ ਸਨ।

ਵਿਧਾਇਕ ਦੇਵ ਮਾਨ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਮਾਤਾ ਹਰਪਾਲ ਕੌਰ ਨੇ ਕੀਤਾ ਦੁੱਖ ਸਾਂਝਾ

ਨਾਭਾ 9 ਦਸੰਬਰ (ਤਰੁਣ ਮਹਿਤਾਂ) ਪਿਛਲੇ ਦਿਨੀਂ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੇ ਪਿਤਾ ਲਾਲ ਸਿੰਘ ਅਕਾਲ ਚਲਾਣਾ ਕਰ ਗਏ ਸਨ ਅੱਜ ਉਨਾਂ ਦੇ ਘਰ ਹੀਰਾ ਮਹਿਲ ਨਾਭਾ ਵਿਖੇ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੇ ਮਾਤਾ ਹਰਪਾਲ ਕੌਰ ਨੇ ਪਹੁੰਚਕੇ ਦੁੱਖ ਸਾਂਝਾ ਕੀਤਾ ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਾਤਾ ਹਰਪਾਲ ਕੌਰ ਨੇ ਕਿਹਾ ਕਿ ਵਿਧਾਇਕ ਦੇਵ ਮਾਨ ਦਾ ਪਰਿਵਾਰ ਸਾਡਾ ਅਪਣਾ ਪਰਿਵਾਰ ਹੈ ਮਾਤਾ ਹਰਪਾਲ ਕੌਰ ਨੇ ਵਿਧਾਇਕ ਗੁਰਦੇਵ ਸਿੰਘ ਦੇਵਮਾਨ ਅਤੇ ਉਨਾਂ ਦੇ ਪਰਿਵਾਰ ਦੇ ਨਾਲ ਦੁੱਖ ਸਾਂਝਾ ਕੀਤਾ ਉੱਥੇ ਹੀ ਮਾਤਾ ਹਰਪਾਲ ਕੌਰ ਵਿਧਾਇਕ ਦੇਵ ਮਾਨ ਦੇ ਨਾਲ ਭਾਵਕ ਹੁੰਦੇ ਵੀ ਵਿਖਾਈ ਦਿੱਤੇ। ਇਸ ਮੌਕੇ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਮਾਤਾ ਹਰਪਾਲ ਕੌਰ ਨੇ ਕਿਹਾ ਕਿ ਹਲਕਾ ਵਿਧਾਇਕ ਦੇਵਮਾਨ ਦੇ ਪਿਤਾ ਜੀ ਨੇ ਲਾਲ ਸਿੰਘ ਜੀ ਅਕਾਲ ਚਲਾਣਾ ਕਰ ਗਏ ਸਨ। ਉਨਾਂ ਦੇ ਨਾਲ ਮੈਂ ਦੁੱਖ ਸਾਂਝਾ ਕਰਨ ਦੇ ਲਈ ਆਈ ਹਾਂ। ਉਹਨਾਂ ਕਿਹਾ ਕਿ ਮਾਂ ਬਾਪ ਅੱਲੜੇ ਬਾਗ ਦੇ ਮੇਵੇ ਹੁੰਦੇ ਹਨ ਜਦੋਂ ਮਰਜ਼ੀ ਤੋੜ ਕੇ ਖਾ ਲਵੋ। ਇਹ ਸਾਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵਮਾਨ ਨੇ ਕਿਹਾ ਕਿ ਬੀਤੇ ਦਿਨੀ ਮੇਰੇ ਪਿਤਾ ਲਾਲ ਸਿੰਘ ਜੀ ਸਵਰਗਵਾਸ ਹੋ ਗਏ ਸਨ। ਸਾਡੀ ਮਾਤਾ ਹਰਪਾਲ ਕੌਰ ਜੀ ਸਾਡੇ ਨਾਲ ਦੁੱਖ ਵੰਡਾਉਣ ਦੇ ਲਈ ਸਾਡੇ ਗ੍ਰਹਿ ਵਿਖੇ ਪਹੁੰਚੇ ਹਨ। ਅਸੀਂ ਇਹਨਾਂ ਦਾ ਧੰਨਵਾਦ ਕਰਦੇ ਹਾਂ। ਇਸ ਮੌਕੇ ਉਨਾਂ ਦੇ ਨਾਲ ਵਿਧਾਇਕ ਦੇਵ ਮਾਨ ਦੀ ਧਰਮਪਤਨੀ ਨਗਾਂ ਡਾਂਗ, ਸੁਖਦੇਵ ਸਿੰਘ ਮਾਨ, ਸੁਖਦੀਪ ਸਿੰਘ ਖਹਿਰਾ, ਪੰਕਜ ਪੱਪੂ ਸਟੀਲ, ਅਮਰਦੀਪ ਸਿੰਘ ਖੰਨਾਂ ਸਾਬਕਾ ਚੇਅਰਮੈਨ, ਠੇਕੇਦਾਰ ਵਿਨੋਦ ਕੁਮਾਰ, ਜਸਵੀਰ ਸਿੰਘ ਵਜੀਦਪੁਰ, ਭੁਪਿੰਦਰ ਸਿੰਘ ਕੱਲਰ ਮਾਜਰੀ, ਜੋਨੀ ਅਰੋੜਾ, ਗੋਨਾ ਗਰਗ, ਮੇਜਰ ਸਿੰਘ ਤੁੰਗਾਂ, ਜਸਵਿੰਦਰ ਸਿੰਘ ਅੱਚਲ ਸਰਪੰਚ, ਕਮਲ ਭਾਦਸੋਂ ਅਤੇ ਹੋਰ ਆਹੁਦੇਦਾਰ ਮੋਜੂਦ ਸਨ।

ਪਲਸ ਪੋਲੀਉ ਦਾ ਸਬ ਨੈਸ਼ਨਲ ਰਾਊਂਡ ਦੂਜੇ ਅਤੇ ਤੀਜੇ ਦਿਨ ਟੀਮਾਂ ਵਲੋਂ ਘਰ ਘਰ ਜਾ ਕੇ ਸਾਰੇ ਬੱਚਿਆਂ ਨੂੰ ਪੋਲੀਉ ਬੂੰਦਾਂ ਪਿਆਈਆਂ

ਮਲੋਟ 09 ਦਸੰਬਰ (ਹਰਦੀਪ ਸਿੰਘ ਖਾਲਸਾ)- ਪਲਸ ਪੋਲੀਉ ਮੁਹਿੰਮ ਦੇ ਸਬ - ਨੈਸ਼ਨਲ ਰਾਊਂਡ ਦੀ ਸ਼ੁਰੂਆਤ ਸਿਵਲ ਸਰਜਨ ਮੁਕਤਸਰ ਸਾਹਿਬ ਡਾ.ਜਗਦੀਪ ਚਾਵਲਾ ਜੀ ਵਲੋਂ ਬੱਚਿਆਂ ਨੂੰ ਪੋਲੀਉ ਬੂੰਦਾਂ ਪਿਲਾ ਕੇ ਕੀਤੀ। ਡਾ.ਜਗਦੀਪ ਚਾਵਲਾ ਵਲੋਂ ਬਲਾਕ ਲੰਬੀ ਅਧੀਨ ਆਉਂਦੇ ਹੈਲਥ ਐਂਡ ਵੈਲਨੈਸ ਸੈਂਟਰ ਅਬੁਲਖੁਰਾਣਾ ਵਿਖੇ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਡਾ.ਜਗਦੀਪ ਚਾਵਲਾ ਨੇ ਦਸਿਆ ਕਿ ਪਲਸ ਪੋਲੀਉ ਦਾ ਸਬ ਨੈਸ਼ਨਲ ਰਾਊਂਡ ਜੋ ਕਿ 12 ਜ਼ਿਲਿਆਂ ਵਿਚ ਹੋ ਰਿਹਾ ਹੈ। ਪਹਿਲੇ ਦਿਨ ਸਿਹਤ ਵਿਭਾਗ ਦੀਆਂ ਟੀਮਾਂ ਪੋਲੀਉ ਬੂਥਾਂ ਤੇ 0-5 ਸਾਲ ਦੇ ਬਚਿੱਆਂ ਨੂੰ ਪੋਲੀਉ ਬੂੰਦਾਂ ਪਲਿਾਉਣਗੀਆਂ, ਦੂਜੇ ਅਤੇ ਤੀਜੇ ਦਿਨ ਟੀਮਾਂ ਵਲੋਂ ਘਰ ਘਰ ਜਾ ਕੇ ਸਾਰੇ ਬੱਚਿਆਂ ਨੂੰ ਪੋਲੀਉ ਬੂੰਦਾਂ ਪਿਲਾਈਆਂ ਜਾਣਗੀਆਂ । ਇਸ ਤੋਂ ਬਿਨਾਂ ਸਿਹਤ ਵਿਭਾਗ ਵਲੋਂ ਬੱਸ ਸਟੈਂਡ,ਰੇਲਵੇ ਸਟੇਸ਼ਨ,,ਭੱਠੇ,ਝੁੱਗੀਆਂ, ਨਿਰਮਾਣ ਅਧੀਨ ਇਸਮਾਰਤਾਂ, ਭੱਠਿਆਂ ਆਦਿ ਤੇ ਸਾਰੇ ਬੱਚਿਆਂ ਨੂੰ ਪੋਲੀਉ ਬੂੰਦਾਂ ਪਿਲਾਈਆਂ ਜਾਣਗੀਆਂ । ਡਾ.ਜਗਦੀਪ ਚਾਵਲਾ ਨੇ ਜਾਣਕਾਰੀ ਦਿੰਦੇ ਦਸਿਆ ਕੇ ਜਨਵਰੀ 2011 ਤੋਂ ਭਾਰਤ ਵਿਚ ਕੋਈ ਵੀ ਪੋਲੀਉ ਦਾ ਕੇਸ ਨਹੀਂ ਮਿਲਿਆ ਅਤੇ ਵਿਸ਼ਵ ਸਿਹਤ ਸੰਸਥਾ ਵਲੋਂ 2014 ਵਿਚ ਭਾਰਤ ਨੂੰ ਪੋਲੀਉ ਮੁਕਤ ਦੇਸ਼ ਘੋਸ਼ਿਤ ਕਰ ਦਿਤਾ ਗਿਆ। ਪ੍ਰੰਤੂ ਭਾਰਤ ਦੇ ਆਲੇ ਦੁਆਲੇ ਦੇ ਦੇਸ਼ਾਂ ਜਿਵੇਂ ਨਾਈਜੀਰੀਆ, ਪਾਕਿਸਤਾਨ, ਅਫਗਾਨਿਸਤਾਨ,ਵਿਚ ਅਜੇ ਵੀ ਪੋਲੀਉ ਦੇ ਕੇਸ ਮਿਲ ਰਹੇ ਹਨ। ਇਨਾਂ ਦੇਸ਼ਾਂ ਤੋਂ ਭਾਰਤ ਵਿਚ ਆਉਣਾ ਜਾਣਾ ਜਾਰੀ ਹੈ। ਜਿਸ ਕਰਕੇ ਭਾਰਤ ਨੂੰ ਉਹਨਾਂ ਦੇਸ਼ਾਂ ਤੋਂ ਪੋਲੀਉ ਵਾਇਰਿਸ ਦਾ ਖਤਰਾ ਰਹਿੰਦਾ ਹੈ। ਇਸ ਖਤਰੇ ਨਾਲ ਨਜਿੱਠਣ ਲਈ ਪੋਲੀਉ ਵੈਕਸੀਨ ਬਾਇਉ ਵੇਲੈਂਟ ਉ. ਪੀ. ਵੀ. ਪੋਲਿਉ ਟਾਈਪ ਇਕ ਅਤੇ ਤਿੰਨ ਨਾਲ ਨਜਿੱਠਣ ਲਈ ਪੋਲੀਉ ਬੂੰਦਾਂ ਪਿਲਾਈਆਂ ਜਾਦੀਆਂ ਹਨ।

ਖੇਡਾਂ ਦੇ ਖੇਤਰ ਵਿੱਚ ਜੀਨੀਅਸ ਸਕੂਲ ਦੀ ਇੱਕ ਹੋਰ ਪ੍ਰਾਪਤੀ

ਰੂਪਨਗਰ 9 ਦਸੰਬਰ (ਅਮਰਜੀਤ ਸਿੰਘ ਕਲਸੀ) ਜੀਨੀਅਸ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਰੋਟਰੀ ਕਲੱਬ ਰੂਪਨਗਰ ਵੱਲੋਂ 5 ਦਸੰਬਰ 2024 ਨੂੰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਏ ਗਏ ਖੇਡ ਮੁਕਾਬਲੇ ਵਿੱਚ ਭਾਗ ਲਿਆ। ਇਸ ਮੁਕਾਬਲੇ ਵਿੱਚ ਸ਼ਹਿਰ ਦੇ ਕਈ ਸਕੂਲਾਂ ਨੇ ਭਾਗ ਲਿਆ ਅਤੇ ਜੀਨੀਅਸ ਸਕੂਲ ਨੂੰ ਓਵਰਆਲ ਟਰਾਫੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੁਕਾਬਲੇ ਵਿੱਚ ਸਕੂਲੀ ਵਿਦਿਆਰਥੀਆਂ ਨੇ ਕਈ ਇਨਾਮ ਜਿੱਤੇ, ਜੋ ਇਸ ਪ੍ਰਕਾਰ ਹਨ:- ਅੰਡਰ 17 ਲੜਕੀਆਂ ਨੇ ਰੱਸਾਕਸ਼ੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ 19 ਲੜਕੀਆਂ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ 19 ਲੜਕਿਆਂ ਨੇ ਪਹਿਲਾ ਸਥਾਨ ਹਾਸਲ ਕੀਤਾ। ਐਥਲੈਟਿਕਸ ਵਿੱਚ ਕਿਰਨਪ੍ਰੀਤ ਕੌਰ (11ਵੀਂ ਸਾਇੰਸ) ਨੇ ਲੰਬੀ ਛਾਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਸ਼ਾਟ ਪੁੱਟ ਵਿੱਚ ਕਿਰਨਪ੍ਰੀਤ ਕੌਰ (11ਵੀਂ ਸਾਇੰਸ ਅਤੇ ਸੁਖਰਾਜ ਸਿੰਘ (11ਵੀਂ ਆਰਟਸ) ਨੇ ਪਹਿਲਾ ਸਥਾਨ ਹਾਸਲ ਕੀਤਾ।100 ਮੀਟਰ ਦੌੜ ਵਿੱਚ ਰਮਨਦੀਪ ਕੌਰ ਅੰਡਰ-19 ਨੇ ਤੀਜਾ ਅਤੇ ਕੈਫਇੰਦਰ ਕੌਰ ਅੰਡਰ 17 ਨੇ ਤੀਜਾ ਸਥਾਨ ਹਾਸਲ ਕੀਤਾ। ਸਕੂਲ ਮੈਨੇਜਮੈਂਟ ਸੂਬਾ ਭੁਪਿੰਦਰ ਸਿੰਘ ਅਤੇ ਸ੍ਰੀਮਤੀ ਗੁਣਵੰਤ ਕੌਰ ਨੇ ਸਾਰੇ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚਾਂ ਨੂੰ ਵਧਾਈ ਦਿੱਤੀ। ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਗੁਰਪ੍ਰੀਤ ਮਾਥੁਰ ਨੇ ਸਾਰੇ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚਾਂ ਨੂੰ ਵਧਾਈ ਦਿੰਦੇ ਹੋਏ ਸਾਰੇ ਵਿਦਿਆਰਥੀਆਂ ਨੂੰ ਕਿਹਾ ਕਿ ਖੇਡਾਂ ਸਾਨੂੰ ਅਨੁਸ਼ਾਸਨ ਵਿੱਚ ਰਹਿਣਾ ਸਿਖਾਉਂਦੀਆਂ ਹਨ। ਉਸਨੇ ਕਿਹਾ, ਅਨੁਸ਼ਾਸਨ ਵਿੱਚ ਰਹਿ ਕੇ ਹੀ ਅਸੀਂ ਆਪਣਾ ਜੀਵਨ ਪੱਧਰ ਉੱਚਾ ਚੁੱਕ ਸਕਦੇ ਹਾਂ ਅਤੇ ਅੱਗੇ ਵਧ ਸਕਦੇ ਹਾਂ। ਵਾਈਸ ਪ੍ਰਿੰਸੀਪਲ ਸ੍ਰੀਮਤੀ ਭੁਪਿੰਦਰ ਕੌਰ ਨੇ ਵੀ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ।

ਆਪਣੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਜਰੂਰ ਪਿਲਾਓ : ਡਾ. ਪਵਨਪ੍ਰੀਤ ਸਿੰਘ

ਪੀਐਚਸੀ ਜੰਡਵਾਲਾ ਭੀਮੇਸ਼ਾਹ ਵਿਖੇ ਡੋਰ ਟੂ ਡੋਰ ਜਾ ਕੇ ਬੱਚਿਆਂ ਨੂੰ ਪਿਲਾਈਆਂ ਜਾ ਰਹੀਆਂ ਪੋਲੀਓ ਬੂੰਦਾਂ

ਫਾਜ਼ਿਲਕਾ/ਜਲਾਲਾਬਾਦ 9 ਦਸੰਬਰ (ਗਗਨ ਵਾਟਸ) :-ਸਿਵਲ ਸਰਜਨ ਫਾਜ਼ਿਲਕਾ ਡਾ. ਲਹਿੰਬਰ ਰਾਮ, ਜਿਲ੍ਹਾ ਸਿਹਤ ਤੇ ਪਰਿਵਾਰ ਭਲਾਈ ਅਫ਼ਸਰ ਡਾ. ਕਵਿਤਾ ਸਿੰਘ, ਡੀਆਈਓ (ਵਾਧੂ ਕਾਰਜਭਾਰ) ਡਾ. ਰਿੰਕੂ ਚਾਵਲਾ ਦੇ ਦਿਸ਼ਾ ਨਿਰਦੇਸ਼ਾਂ ਅਤੇ ਪੀਐਚਸੀ ਜੰਡਵਾਲਾ ਭੀਮੇਸ਼ਾਹ ਦੇ ਸੀਨੀਅਰ ਮੈਡੀਕਲ ਅਫਸਰ (ਵਾਧੂ ਕਾਰਜਭਾਰ) ਡਾ. ਗੁਰਮੇਜ ਸਿੰਘ, ਪ

ਜ਼ਿਲ੍ਹੇ 'ਚ ਨਿਰੰਤਰ ਬਿਜਲੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਹੱਥਣ 66 ਕੇ.ਵੀ. ਗਰਿੱਡ ਨੂੰ ਇੱਕ ਕਰੋੜ 50 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਜਾ ਰਿਹਾ ਹੈ ਅਪਗ੍ਰੇਡ- ਡਾ ਜਮੀਲ ਉਰ ਰਹਿਮਾਨ

ਮਾਲੇਰਕੋਟਲਾ 09 ਦਸੰਬਰ (ਰਾਜੇਸ਼ ਸ਼ਰਮਾ) ਜ਼ਿਲ੍ਹਾ ਮਾਲੇਰਕੋਟਲੇ ਦੀ ਅਵਾਮ ਨੂੰ ਭਵਿੱਖ ਵਿੱਚ ਨਿਰੰਤਰ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ 01 ਕਰੋੜ 50 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਤੋਹਫ਼ਾ ਦਿੱਤਾ । ਇਸ ਰਾਸ਼ੀ ਨਾਲ 66 ਕੇ ਵੀ ਸਬ ਸਟੇਸ਼ਨ ਹੱਥਣ ਵਿਖੇ 12.5 ਐਮ.ਵੀ.ਏ ਨੂੰ 20 ਐਮ.ਵੀ.ਏ. ਦੇ ਪਾਵਰ ਟਰਾਂਸਫਾਰਮਰ ਵਿੱਚ ਅਪਗ੍ਰੇਡ ਕੀਤਾ ਜਾ ਰਿਹਾ ਹੈ। ਇਸ ਗੱਲ ਦੀ ਜਾਣਕਾਰੀ ਵਿਧਾਇਕ ਮਾਲੇਕਰੋਟਲਾ ਡਾ ਜਮੀਲ ਉਰ ਰਹਿਮਾਨ ਨੇ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਦਾ ਮਾਲੇਰਕੋਟਲਾ ਦੀ ਆਵਾਮ ਵੱਲੋਂ ਧੰਨਵਾਦ ਕਰਦਿਆ ਦਿੱਤੀ । ਉਨ੍ਹਾਂ ਦੱਸਿਆ ਕਿ ਪਾਵਰ ਟਰਾਂਸਫਾਰਮਰ ਓਵਰਲੋਡ ਹੋ ਚੁੱਕਾ ਸੀ, ਜਿਸ ਨੂੰ ਅੰਡਰਲੋਡ ਕਰਨ ਲਈ ਨਵੇਂ ਟਰਾਂਸਫਾਰਮਰਾਂ ਦੀ ਜਰੂਰਤ ਸੀ ਅਤੇ ਖਪਤਕਾਰਾਂ ਵੱਲੋਂ ਨਿਰਵਿਘਨ ਸਪਲਾਈ ਵਾਸਤੇ ਇਸਦੀ ਪੁਰਜ਼ੋਰ ਮੰਗ ਨੂੰ ਪੂਰਾ ਕਰਕੇ 11ਕੇਵੀ. ਫੀਡਰਾਂ ਅਧੀਨ ਪੈਂਦੇ ਇਲਾਕੇ ਦੇ ਲੋਕਾਂ ਨੂੰ ਭਰਪੂਰ ਫਾਇਦਾ ਦਿੱਤਾ ਹੈ ਅਤੇ ਲੋਕਾਂ ਨੂੰ ਨਿਰਵਿਘਨ ਅਤੇ ਪਹਿਲਾਂ ਨਾਲੋਂ ਬੇਹਤਰ ਬਿਜਲੀ ਸਪਲਾਈ ਮਿਲੇਗੀ। ਉਨ੍ਹਾਂ ਕਿਹਾ ਕਿ ਗੱਰਿਡ ਦੇ ਅਪਗ੍ਰੇਡ ਹੋਣ ਨਾਲ ਬਿਜਲੀ ਖਪਤਕਾਰਾਂ ਦੀ ਸਪਲਾਈ ਪ੍ਰਭਾਵਿਤ ਨਹੀ ਹੋਇਆ ਕਰੇਗੀ ਅਤੇ ਲੋਕਾਂ ਨੂੰ ਨਿਰਵਿਘਨ ਅਤੇ ਪਹਿਲਾਂ ਨਾਲੋ ਬੇਹਤਰ ਬਿਜਲੀ ਸਪਲਾਈ ਮਿਲੇਗੀ। ਸਥਾਨਕ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰੇਕ ਵਰਗ ਦੇ ਲੋਕਾਂ ਦੀਆਂ ਉਮੀਦਾਂ ਉੱਤੇ ਪੂਰਾ ਉਤਰਨ ਲਈ ਸਿਰਤੋੜ ਯਤਨ ਕਰ ਰਹੀ ਹੈ। ਪੰਜਾਬ ਸਰਕਾਰ ਦੀਆਂ ਦ੍ਰਿੜ ਕੋਸ਼ਿਸ਼ਾਂ ਸਦਕਾ ਹੀ ਅੱਜ ਬਿਜਲੀ ਬੋਰਡ ਘਾਟੇ ਵਿਚੋਂ ਨਿਕਲ ਕੇ ਮੁਨਾਫ਼ੇ ਵਿੱਚ ਆ ਗਿਆ ਹੈ। ਉਨ੍ਹਾਂ ਹੋਰ ਕਿਹਾ ਕਿ ਬਿਜਲੀ ਦੀ ਸਪਲਾਈ ਨੂੰ ਹੋਰ ਦਰੁਸਤ ਕਰਨ ਲਈ ਸ਼ਹਿਰ ਅਤੇ ਨੇੜਲੇ ਇਲਾਕੇ ਦੀਆਂ ਬਿਜਲੀ ਸਪਲਾਈ ਲਾਈਨਾਂ ਨੂੰ ਦਰੁਸਤ ਕੀਤਾ ਜਾ ਰਿਹਾ ਹੈ ਤਾਂ ਜੋ ਪੰਜਾਬ ਸਰਕਾਰ ਦਾ ਨਿਰਵਿਘਨ ਨਿਰੰਤਰ ਸਪਲਾਈ ਦਾ ਟੀਚਾ ਪੂਰ ਹੋ ਸਕੇ । ਇਸ ਲੋੜ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਅਤੇ ਬਿਜਲੀ ਮੰਤਰੀ ਦਾ ਵਿਸ਼ੇਸ਼ ਤੌਰ ਉੱਤੇ ਧੰਨਵਾਦ ਕੀਤਾ।

ਸ.ਫਰ ਏ ਦਸਮੇਸ਼ ਜਥੇਬੰਦੀ ਵਲੋਂ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਧਾਰਮਿਕ ਸਮਾਗਮ ਆਯੋਜਿਤ

ਚੰਡੀਗੜ੍ਹ 9 ਦਸੰਬਰ (ਜਵੰਦਾ) ਸ.ਫਰ ਏ ਦਸਮੇਸ਼ ਜਥੇਬੰਦੀ, ਦੇਸ਼ ਵਿਦੇਸ਼ ਅਤੇ ਇਲਾਕੇ ਦੀ ਸੰਗਤ ਵਲੋਂ ਸ.ਫਰ ਏ ਦਸਮੇਸ਼ ਗੁਰਮਤਿ ਸਮਾਗਮ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਬਹੁਤ ਹੀ ਧੂਮਧਾਮ ਅਤੇ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਮੌਕੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਉੱਚੇਚ ਤੌਰ ਤੇ ਸ਼ਿਰਕਤ ਕੀਤੀ ਗਈ ਅਤੇ ਸੰਗਤਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ।ਇਸ ਮੌਕੇ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਪ੍ਰਸਿੱਧ ਢਾਡੀ ਭਾਈ ਸਰੂਪ ਸਿੰਘ ਕਡਿਆਣਾ ਦੇ ਜਥੇ ਵਲੋਂ ਰਸਭਿੰਨਾ ਕਥਾ ਕੀਰਤਨ ਕੀਤਾ ਗਿਆ।ਇਸ ਸਮੇਂ ਸ਼੍ਰੋਮਣੀ ਅਕਾਲੀ ਦਲ ਆਜ਼ਾਦ ਦੇ ਪੰਜ ਪ੍ਰਧਾਨੀ ਜਥੇਦਾਰ ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਜਥੇਦਾਰ ਮਲਕੀਤ ਸਿੰਘ ਪੰਨੀਵਾਲਾ ਮੈਂਬਰ,ਜਥੇਦਾਰ ਸਵਰਨ ਸਿੰਘ ਰਤੀਆ ਸਾਬਕਾ ਮੀਤ ਪ੍ਰਧਾਨ,ਜਥੇਦਾਰ ਸਵਰਨ ਸਿੰਘ ਬੁੰਗਾ ਮੈਂਬਰ,ਜਥੇਦਾਰ ਓਮਰਾਉ ਸਿੰਘ ਛੀਨਾ ਕੈਂਥਲ, ਭਾਈ ਗੁਰਮੀਤ ਸਿੰਘ ਮੀਤਾ ਪਿੰਜੌਰ ਮੈਂਬਰ,ਧਰਮ ਪ੍ਰਚਾਰ ਦੇ ਸਕੱਤਰ ਭਾਈ ਸਰਬਜੀਤ ਸਿੰਘ ਜੰਮੂ,ਭਾਈ ਸਿਕੰਦਰ ਸਿੰਘ ਵਰਾਣਾ ਇੰਚਾਰਜ ਧਰਮ ਪ੍ਰਚਾਰ ਸਬ ਦਫਤਰ ਨਾਢਾ ਸਾਹਿਬ,ਸਿੰਘ ਸਾਹਿਬ ਗਿ: ਜਗਜੀਤ ਸਿੰਘ ਮੁੱਖ ਗ੍ਰੰਥੀ ਗੁਰਦੁਆਰਾ ਨਾਢਾ ਸਾਹਿਬ,ਭਾਈ ਪਰਮਜੀਤ ਸਿੰਘ ਸ਼ੇਰਗੜ ਮੈਨੇਜਰ,ਭਾਈ ਬਲਜਿੰਦਰ ਸਿੰਘ ਇੰਚਾਰਜ ਅਤੇ ਢਾਡੀ ਮਲਕੀਤ ਸਿੰਘ ਮੀਤ ਆਦਿ ਵੀ ਹਾਜ਼ਰ ਸਨ। ਸ.ਫਰ ਏ ਦਸਮੇਸ਼ ਜਥੇਬੰਦੀ ਵਲੋਂ ਆਏ ਹੋਏ ਮਹਿਮਾਨਾਂ ਨੂੰ ਵਿਸ਼ੇਸ਼ ਤੌਰ ਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ।

ਖ਼ਾਲਸਾ ਕਾਲਜ ਭਗਤਾ ਵਿਖੇ ਭਾਈ ਵੀਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ

ਭਗਤਾ ਭਾਈ, 9 ਦਸੰਬਰ (ਰਾਜਿੰਦਰ ਸਿੰਘ ਮਰਾਹੜ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈ ਵਿੱਚ ਭਾਈ ਵੀਰ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਪੰਜਾਬੀ ਵਿਭਾਗ ਦੇ ਮੁਖੀ ਡਾ. ਹਰਮਨਦੀਪ ਕੌਰ ਨੇ ਭਾਈ ਵੀਰ ਸਿੰਘ ਜੀ ਦੇ ਜੀਵਨ ਅਤੇ ਉਹਨਾਂ ਦੇ ਸਾਹਿਤਿਕ ਯੋਗਦਾਨ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ । ਉਹਨਾਂ ਦੱਸਿਆ ਕਿ ਭਾਈ ਵੀਰ ਸਿੰਘ ਦਾ ਜਨਮ 5 ਦਸੰਬਰ 1872 ਈ. ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਇਆ। ਭਾਈ ਵੀਰ ਸਿੰਘ ਜੀ ਨੂੰ ਆਧੁਨਿਕ ਪੰਜਾਬੀ ਸਾਹਿਤ ਦੇ ਪਿਤਾਮਾ ਵਜੋਂ ਵੀ ਜਾਣਿਆ ਜਾਂਦਾ ਹੈ। ਜਿਨਾਂ ਨੇ ਨਾਵਲ, ਨਾਟਕ , ਮਹਾਂਕਾਵਿ, ਕਵਿਤਾ, ਰੁਬਾਈ ਅਤੇ ਵਾਰਤਕ ਰਾਹੀਂ ਪੰਜਾਬੀ ਸਾਹਿਤ ਦੇ ਖਜ਼ਾਨੇ ਨੂੰ ਭਰਪੂਰ ਕੀਤਾ। ਉਨ੍ਹਾਂ ਦੀ ਕਾਵਿ ਪੁਸਤਕ 'ਮੇਰੇ ਸਾਈਆਂ ਜੀਉ' ਲਈ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਮਿਲਿਆ। 1935 ਈ. ਵਿੱਚ ਸ੍ਰੀ ਹੇਮਕੁੰਟ ਸਾਹਿਬ ਦਾ ਸਥਾਨ ਬਣਾਉਣ ਵਿੱਚ ਵੀ ਉਹਨਾਂ ਦੀ ਵੱਡੀ ਭੂਮਿਕਾ ਰਹੀ ਹੈ। ਪੰਜਾਬੀ ਅਤੇ ਗੁਰਮੁਖੀ ਦੇ ਪ੍ਰਸਾਰ ਲਈ ਉਹਨਾਂ ਵਜ਼ੀਰ ਹਿੰਦ ਪ੍ਰੈਸ ਲਗਾਈ। ਕੁਦਰਤ ਪ੍ਰੇਮੀ ਹੋਣ ਕਰਕੇ ਉਹਨਾਂ ਨੂੰ ਪੰਜਾਬੀ ਦਾ 'ਵਰਡਜ਼ ਵਰਥ' ਵੀ ਕਿਹਾ ਜਾਂਦਾ ਹੈ। ਭਾਈ ਵੀਰ ਸਿੰਘ ਦੁਆਰਾ ਲਿਖਤ ਕਵਿਤਾਵਾਂ ਸਮਾਂ, ਕੰਬਦੀ ਕਲਾਈ, ਬਨਫ਼ਸਾ ਦਾ ਫੁੱਲ ਆਦਿ ਦੀ ਪੜ੍ਹਤ ਰਾਹੀਂ ਪ੍ਰਾਪਤ ਸੰਦੇਸ਼ ਨੂੰ ਵੀ ਵਿਦਿਆਰਥੀਆਂ ਨਾਲ ਸਾਂਝਾ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਉਨ੍ਹਾਂ ਨੂੰ ਭਾਈ ਵੀਰ ਸਿੰਘ ਜੀ ਦੀ ਸ਼ਖ਼ਸੀਅਤ ਤੋਂ ਪ੍ਰੇਰਨਾ ਲੈ ਕੇ ਸੁਚੱਜੀ ਜੀਵਨ ਜਾਚ ਅਪਨਾਉਣ ਦੀ ਸੇਧ ਦਿੱਤੀ। ਇਸ ਦੇ ਨਾਲ ਹੀ ਉਹਨਾਂ ਪੰਜਾਬੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਸਮੂਹ ਸਟਾਫ ਨੂੰ ਵਧਾਈ ਦਿੱਤੀ। ਮੰਚ ਸੰਚਾਲਕ ਦੀ ਭੂਮਿਕਾ ਪ੍ਰੋ. ਅੰਮ੍ਰਿਤਪਾਲ ਸਿੰਘ ਵੱਲੋਂ ਨਿਭਾਈ ਗਈ। ਇਸ ਮੌਕੇ 'ਤੇ ਡਾ.ਸਿਮਰਜੀਤ ਕੌਰ ਅਤੇ ਪ੍ਰੋ. ਗਗਨਦੀਪ ਕੌਰ ਹਾਜ਼ਰ ਸਨ।

ਬੇਲਾ ਕਾਲਜ ਕਰਾਟੇ ਚੈਂਪੀਅਨਸ਼ਿਪ ਵਿੱਚ ਤੀਜੇ ਸਥਾਨ 'ਤੇ ਕਾਬਜ਼

ਸ੍ਰੀ ਚਮਕੌਰ ਸਾਹਿਬ 9 ਦਸੰਬਰ (ਅਮਰਜੀਤ ਸਿੰਘ ਕਲਸੀ) ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਦੇ ਖਿਡਾਰੀਆਂ ਨੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਆਯੋਜਿਤ ਅੰਤਰ-ਕਾਲਜ ਕਰਾਟੇ ਚੈਂਪੀਅਨਸ਼ਿਪ 2024-25 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਯੂਨੀਵਰਸਿਟੀ ਵਿੱਚ ਓਵਰਆਲ ਤੀਜਾ ਸਥਾਨ ਹਾਸਿਲ ਕੀਤਾ। ਇਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ.ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਇਹਨਾਂ ਮੁਕਾਬਲਿਆਂ ਵਿੱਚ ਅਰੁਨ ਵਰਮਾ ਤੇ ਅਵਨੀਤ ਸਿੰਘ ਨੇ ਚਾਂਦੀ ਦਾ ਤਮਗਾ ਅਤੇ ਹਰਵਿੰਦਰ ਸਿੰਘ ਨੇ ਕਾਂਸੇ ਦਾ ਤਮਗਾ ਪ੍ਰਾਪਤ ਕਰਕੇ ਇਹ ਮਾਣਮੱਤੀ ਪ੍ਰਾਪਤੀ ਕੀਤੀ ਹੈ। ਉਹਨਾਂ ਕਾਲਜ ਪ੍ਰਬੰਧਕ ਕਮੇਟੀ ਅਤੇ ਸਮੂਹ ਸਟਾਫ਼ ਵੱਲੋਂ ਸਰੀਰਿਕ ਸਿੱਖਿਆ ਵਿਭਾਗ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।ਇਸ ਮੌਕੇ ਬੋਲਦਿਆਂ ਸਰੀਰਿਕ ਸਿੱਖਿਆ ਵਿਭਾਗ ਦੇ ਮੁਖੀ ਲੈਫ਼ਟੀਨੈਂਟ ਪ੍ਰਿਤਪਾਲ ਸਿੰਘ ਨੇ ਕਿਹਾ ਕਿ ਸਮੂਹ ਸੰਸਥਾ ਲਈ ਖੇਡ ਖੇਤਰ ਵਿੱਚ ਇਹ ਵਰ੍ਹਾ ਬੇਹੱਦ ਸਫਲਤਾਪੂਰਵਕ ਰਿਹਾ ਹੈ। ਕਰਾਟੇ ਦੀ ਖੇਡ ਵਿੱਚ ਕਾਲਜ ਦੇ ਵਿਦਿਆਰਥੀਆਂ ਦਾ ਇਹ ਪ੍ਰਦਰਸ਼ਨ ਚੰਗੇ ਭਵਿੱਖ ਦਾ ਆਗਾਜ਼ ਹੈ। ਇਸ ਮੌਕੇ ਡਾ. ਮਮਤਾ ਅਰੋੜਾ, ਪ੍ਰੋ. ਅਮਰਜੀਤ ਸਿੰਘ, ਪ੍ਰੋ. ਸੁਨੀਤਾ ਰਾਣੀ ਅਤੇ ਜੇਤੂ ਖਿਡਾਰੀ ਮੌਜੂਦ ਸਨ।

ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ਼ ਨੇ ਪਿੰਡ ਟਾਹਲੀਵਾਲਾ ਜੱਟਾ ਦੇ ਅਪਗ੍ਰੇਡ (ਮਿਡਲ ਤੋਂ ਹਾਈ) ਸਕੂਲ ਦਾ ਕੀਤਾ ਉਦਘਾਟਨ

70 ਸਾਲ ਬਾਅਦ ਪਿੰਡ ਵਾਸੀਆਂ, ਬੱਚਿਆਂ ਤੇ ਸਕੂਲ ਸਟਾਫ ਦੀ ਮੰਗ ਹੋਈ ਪੂਰੀ-ਜਗਦੀਪ ਸਿੰਘ ਗੋਲਡੀ ਕੰਬੋਜ

ਜ਼ਲਾਲਾਬਾਦ 9 ਦਸੰਬਰ (ਗਗਨ ਵਾਟਸ) :-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੰਜਾਬ ਸਰਕਾਰ ਵੱਲੋਂ ਸਿਖਿਆ ਦੇ ਖੇਤਰ ਵਿਚ ਇਤਿਹਾਸਲ ਫੈਸਲੇ ਲਏ ਜਾ ਰਹੇ ਹਨ। ਇਸੇ ਲੜੀ ਤਹਿਤ ਸਿਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿਖਿਆ ਵਿਭਾਗ ਨਵੀਆਂ ਬੁਲੰਦੀਆਂ ਛੂ ਰਿਹਾ ਹੈ। ਪਿਛਲੇ ਦਿਨੀ ਮੌਜੂਦਾ ਪੰਜਾਬ ਸਰਕਾਰ ਵੱਲੋਂ ਪਹਿਲਕਦਮੀਆਂ ਕਰਦਿਆਂ ਹਲਕਾ ਜਲਾਲਾਬਾਦ ਅਧੀਨ ਪੈਂਦੇ ਸਰਕਾਰੀ ਮਿਡਲ ਸਕੂਲ ਟਾਹਲੀਵਾਲਾ ਜੱਟਾਂ ਨੂੰ ਹਾਈ ਸਕੂਲ ਦੇ ਪੱਧਰ ਤੱਕ ਅਪਗੇਰਡ ਕੀਤਾ ਗਿਆ ਜਿਸ ਦਾ ਉਦਾਘਾਟਨ ਵਿਧਾਇਕ ਸ਼੍ਰੀ ਜਗਦੀਪ ਸਿੰਘ ਗੋਲਡੀ ਕੰਬੋਜ਼ ਵੱਲੋਂ ਰਸਮੀ ਤੌਰ ਤੇ ਕੀਤਾ ਗਿਆ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਸਕੂਲ ਸਟਾਫ ਅਤੇ ਬਚਿਆਂ ਤੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਦੌਰਾਨ ਵਿਧਾਇਕ ਸ਼੍ਰੀ ਜਗਦੀਪ ਸਿੰਘ ਗੋਲਡੀ ਕੰਬੋਜ਼ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਲ 1954 ਵਿਚ ਸਕੂਲ ਦੀ ਸਿਰਜਣਾ ਹੋਈ ਸੀ, 70 ਸਾਲ ਬਾਅਦ ਇਸ ਸਕੂਲ ਨੂੰ ਅਪ੍ਰੇਡ ਕੀਤਾ ਗਿਆ ਹੈ ਜਿਸ ਨਾਲ ਇਲਾਕੇ ਅੰਦਰ ਕਾਫੀ ਰਾਹਤ ਮਹਿਸੂਸ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਅਪ੍ਰੇਗੇਡੇਸ਼ਨ ਹੋਣ ਨਾਲ ਬਚਿਆਂ ਨੂੰ ਮਿਡਲ ਤੱਕ ਦੀ ਸਿਖਿਆ ਤੋਂ ਬਾਅਦ ਉਚੇਰੀ ਪੜ੍ਹਾਈ ਲਈ ਦੂਸਰੇ ਸਕੂਲ ਨਹੀਂ ਜਾਣਾ ਪਵੇਗਾ। ਉਨ੍ਹਾਂ ਕਿਹਾ ਕਿ ਸਕੂਲੀ ਬਚਿਆਂ ਵੱਲੋਂ ਇਸ ਪ੍ਰਾਪਤੀ ਨੂੰ ਲੈ ਕੇ ਕਾਫੀ ਖੁਸ਼ੀ ਮਹਿਸੂਸ ਕੀਤੀ ਜਾ ਰਹੀ ਹੈ। ਸ਼੍ਰੀ ਗੋਲਡੀ ਕੰਬੋਜ ਨੇ ਕਿਹਾ ਕਿ ਬਚਿਆਂ ਦੇ ਨਾਲ-ਨਾਲ ਮਾਪਿਆਂ ਅੰਦਰ ਵੀ ਕਾਫੀ ਉਤਸਾਹ ਨਜਰ ਆ ਰਿਹਾ ਹੈ । ਉਨ੍ਹਾਂ ਕਿਹਾ ਕਿ ਮਿਡਲ ਤੱਕ ਦੀ ਸਿਖਿਆ ਤੋਂ ਬਾਅਦ ਉਹ ਚਿੰਤਿਤ ਮਹਿਸੂਸ ਕਰਦੇ ਸਨ ਕਿ ਉਚੇਰੀ ਪੜ੍ਹਾਈ ਲਈ ਕਿਸੇ ਹੋਰ ਬਾਹਰ ਸਕੂਲ ਵਿਖੇ ਜਾਣਾ ਪਵੇਗਾ, ਹੁਣ ਸਕੂਲ ਦੇ ਹਾਈ ਹੋਣ ਨਾਲ ਉਹ ਚਿੰਤਾਮੁਕਤ ਹੋ ਗਏ ਹਨ। ਇਸ ਦੇ ਨਾਲ-ਨਾਲ ਸਕੂਲ ਸਟਾਫ ਵੀ ਬਹੁਤ ਖੁਸ਼ ਹੋਇਆ ਹੈ ਕਿ ਉਨ੍ਹਾਂ ਦੇ ਸਕੂਲ ਵਿਚ ਵੀ ਬਾਕੀ ਸਕੂਲਾਂ ਵਾਂਗ ਹੋਰ ਸਹੂਲਤਾਂ ਉਪਲਬਧ ਹੋਣਗੀਆਂ। ਵਿਧਾਇਕ ਜ਼ਲਾਲਾਬਾਦ ਨੇ ਕਿਹਾ ਕਿ ਉਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਤੇ ਸਿਖਿਆ ਮੰਤਰੀ ਦਾ ਬਹੁਤ ਧੰਨਵਾਦ ਕਰਦੇ ਹਨ ਜੋ ਜਲਾਲਾਬਾਦ ਹਲਕੇ ਨੂੰ ਵਿਕਾਸ ਦੀ ਪ੍ਰਗਤੀ ਵੱਲ ਲਿਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿਖਿਆ ਤੇ ਸਿਹਤ ਪੰਜਾਬ ਸਰਕਾਰ ਦੀ ਮੁਢਲੀ ਤਰਜੀਹ ਸਨ ਜਿਨ੍ਹਾਂ ਤੇ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਗਏ ਹਨ।

ਉਮੀਦਵਾਰ ਨਿਤਾਸ਼ਾ ਗਿੱਲ ਦੇ ਹੱਕ ਵਿੱਚ ਇਲਾਕਾ ਨਿਵਾਸੀਆਂ ਨੇ ਦਿੱਤਾ ਸਮਰਥਨ

ਅੰਮ੍ਰਿਤਸਰ 9 ਦਸੰਬਰ (ਸੋਨੂ ਨਰੂਲਾ) ਸਮਾਜ ਵਿੱਚ ਵਿਲੱਖਣ ਪਹਿਚਾਣ ਬਣਾਉਣ ਵਾਲੇ ਨਿਤਾਸ਼ਾ ਗਿੱਲ ਧਰਮ ਪੂਰੇ ਇਲਾਕੇ ਵਿੱਚੋਂ ਸ਼ਾਨਦਾਰ ਜਿੱਤ ਨਾਲ ਕਾਰਪੋਰੇਸ਼ਨ ਵਿੱਚ ਭੇਜਿਆ ਜਾਵੇਗਾ। ਇਹ ਵਿਚਾਰ ਅਸ਼ੋਕ ਵਿਹਾਰ ਵਿਖੇ ਕਾਰਪੋਰੇਸ਼ਨ ਦੀਆਂ ਆਗਾਮੀ ਚੋਣਾਂ ਨੂੰ ਲੈ ਕੇ ਇੱਕ ਮੀਟਿੰਗ ਦੌਰਾਨ ਸਿਰ ਕੱਢ ਆਗੂਆਂ ਆਪਣੇ ਬਿਆਨ ਸਾਂਝੇ ਕੀਤੇ ਇਸ ਮੌਕੇ ਮਹਿਲ ਸਿੰਘ ਗਿੱਲ ਟਹਿਲ ਸਿੰਘ ਗਿੱਲ ਗਿਆਨ ਸਿੰਘ ਜਸਵਿੰਦਰ ਸਿੰਘ ਲਾਡੀ ਬਲਜੀਤ ਸਿੰਘ ਅਨੋਖ ਸਿੰਘ ਰੋਸ਼ਨ ਭਗਤ ਅਮਰ ਕਲਿਆਣ ਮੁਨੀਸ਼ ਗਿੱਲ ਪ੍ਰਦੀਪ ਕੁਮਾਰ ਸੋਨੂ ਸ਼ਰਮਾ ਬਲਵਿੰਦਰ ਸਿੰਘ ਕੋਲਾ ਡਾਕਟਰ ਜਗਦੀਪ ਸਿੰਘ ਹੋਰ ਵੱਲੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਂਝੇ ਕੀਤੇ ਉਹਨਾਂ ਕਿਹਾ ਕਿ ਵਾਰਡ ਨੰਬਰ 85 ਦੇ ਸੰਭਾਵੀ ਉਮੀਦਵਾਰ ਨਿਤਾਸ਼ਾ ਗਿੱਲ ਪਤਨੀ ਸਮਾਜ ਸੇਵਕ ਕਮਲ ਕੁਮਾਰ ਦੀ ਬੜੀ ਵੱਡੀ ਪੂਰੀ ਮਾਨਵਤਾ ਨੂੰ ਦੇਣ ਹੈ ਜਿੱਥੇ ਜੇਕਰ ਵਾਰਡ ਨੰਬਰ 85 ਤੋਂ ਟਿਕਟ ਨਾਲ ਨਿਵਾਜਿਆ ਜਾਵੇ ਉਹ ਨਿਤਾਸ਼ਾ ਗਿੱਲ ਨੂੰ ਵਿਸ਼ਵਾਸ ਦਿਵਾਉਂਦਿਆਂ

ਟਰਾਈਡੈਂਟ ਗਰੁੱਪ ਨੇ ਟੈਕਸਟਾਈਲ ਸੈਕਟਰ ਵਿੱਚ ਵਿਕਾਸ, ਨਿਵੇਸ਼ ਅਤੇ ਰੁਜ਼ਗਾਰ ਲਈ ਆਪਣੀ ਵਚਨਬੱਧਤਾ ਨੂੰ ਕੀਤਾ ਮਜ਼ਬੂਤ

ਟੈਕਸਟਾਈਲ ਕ੍ਰਾਂਤੀ ਲਈ ਨਵੀਆਂ ਨਿਵੇਸ਼ ਯੋਜਨਾਵਾਂ ਦਾ ਕੀਤਾ ਐਲਾਨ

ਬਰਨਾਲਾ 9 ਦਸੰਬਰ, (ਜਗਸੀਰ ਸਿੰਘ ਧਾਲੀਵਾਲ ਸਹਿਜੜਾ) ਟਰਾਈਡੈਂਟ ਗਰੁੱਪ ਦੇ ਚੇਅਰਮੈਨ ਸ਼੍ਰੀ ਰਜਿੰਦਰ ਗੁਪਤਾ ਨੇ ਹਾਲ ਹੀ ਵਿੱਚ ਨਰਮਦਾਪੁਰਮ ਵਿੱਚ ਆਯੋਜਿਤ ਇਨਵੈਸਟ ਮੱਧ ਪ੍ਰਦੇਸ਼: ਖੇਤਰੀ ਉਦਯੋਗ ਸੰਮੇਲਨ, ਵਿੱਚ ਹਿੱਸਾ ਲੈਣ ਲਈ ਮੱਧ ਪ੍ਰਦੇਸ਼ ਦਾ ਦੌਰਾ ਕੀਤਾ। ਜਿਥੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਡਾ: ਮੋਹਨ ਯਾਦਵ ਨੇ ਟਰਾਈਡੈਂਟ ਗਰੁੱਪ ਦੇ ਚੇਅਰਮੈਨ ਸ਼੍ਰੀ ਰਜਿੰਦਰ ਗੁਪਤਾ ਨਾਲ ਟੈਕਸਟਾਈਲ ਸੈਕਟਰ ਵਿੱਚ ਨਿਵੇਸ਼ ਅਤੇ ਉਦਯੋਗਿਕ ਵਿਸਤਾਰ ਦੀਆਂ ਸੰਭਾਵਨਾਵਾਂ 'ਤੇ ਇਕ ਮੀਟਿੰਗ ਵਿੱਚ ਮਹੱਤਵਪੂਰਨ ਚਰਚਾ ਕੀਤੀ। ਬਾਅਦ ਵਿੱਚ ਖੇਤਰੀ ਉਦਯੋਗ ਸੰਮੇਲਨ ਵਿੱਚ ਇੱਕਠ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਰਜਿੰਦਰ ਗੁਪਤਾ ਨੇ ਮੱਧ ਪ੍ਰਦੇਸ਼ ਸਰਕਾਰ ਦਾ ਧੰਨਵਾਦ ਪ੍ਰਗਟ ਕੀਤਾ, ਉਨ੍ਹਾਂ ਨੇ ਰਾਜ ਵਿੱਚ ਟਰਾਈਡੈਂਟ ਦੀ ਸ਼ਾਨਦਾਰ ਯਾਤਰਾ ਉਤੇ ਚਾਨਣਾ ਪਾਇਆ। "ਅਸੀਂ ਕੁਝ ਸਾਲ ਪਹਿਲਾਂ ਮੱਧ ਪ੍ਰਦੇਸ਼ ਵਿੱਚ ਉਦਮ ਕਰਦੇ ਹੋਏ 5,000 ਕਰੋੜ ਰੁਪਏ ਦਾ ਨਿਵੇਸ਼ ਕੀਤਾ ਸੀ। ਅੱਜ, ਮੱਧ ਪ੍ਰਦੇਸ਼ ਤੋਂ ਸਾਡੇ ਤਿਆਰ ਉਤਪਾਦ 122 ਦੇਸ਼ਾਂ ਨੂੰ ਨਿਰਯਾਤ ਕੀਤੇ ਜਾਂਦੇ ਹਨ, ਜਿਸਦੀ ਮੰਗ ਲਗਾਤਾਰ ਵੱਧ ਰਹੀ ਹੈ, ਉਨ੍ਹਾਂ ਸਾਂਝਾ ਕੀਤਾ। ਅੱਗੇ ਬੋਲਦੇ, ਸ਼੍ਰੀ ਗੁਪਤਾ ਨੇ ਟਰਾਈਡੈਂਟ ਗਰੁੱਪ ਵੱਲੋਂ ਰਾਜ ਦੇ ਟੈਕਸਟਾਈਲ ਸੈਕਟਰ ਵਿੱਚ 3,000 ਕਰੋੜ ਰੁਪਏ ਦੇ ਨਵੇ ਨਿਵੇਸ਼ ਕਰਨ ਦੀਆਂ ਯੋਜਨਾਵਾਂ ਦੀ ਘੋਸ਼ਣਾ ਕੀਤੀ ਜੋ ਇੱਥੇ ਟਰਾਈਡੈਂਟ ਗਰੁੱਪ ਵਿੱਚ ਮੌਜੂਦਾ 12,000 ਤੋਂ ਵੱਧ ਕੇ 15,000 ਤੱਕ ਰੁਜ਼ਗਾਰ ਦੇ ਮੌਕੇ ਵਧਾਏਗੀ। "ਅਸੀਂ ਇਹ ਯਕੀਨੀ ਬਣਾਉਣ ਲਈ ਵਚਨਬੱਧ ਹਾਂ ਕਿ ਸਾਡੇ ਕਾਰਜਾਂ ਦੇ ਲਾਭ, ਕਪਾਹ ਦੀ ਖਰੀਦ ਤੋਂ ਲੈ ਕੇ ਤਿਆਰ ਮਾਲ ਦੇ ਉਤਪਾਦਨ ਤੱਕ, ਮੱਧ ਪ੍ਰਦੇਸ਼ ਦੇ ਅੰਦਰ ਹੀ ਰਹਿਣ। ਉਨ੍ਹਾਂ ਕਿਹਾ ਕਿ ਮੱਧ ਪ੍ਰਦੇਸ਼ ਟਿਕਾਊਤਾ, ਸੰਮਲਿਤ ਵਿਕਾਸ ਅਤੇ ਹਰਿ ਊਰਜਾ ਦਾ ਇੱਕ ਆਦਰਸ਼ ਸੰਗਮ ਹੈ, ਜਿਸ ਵਿੱਚ ਸੂਰਜੀ ਅਤੇ ਪਵਨ ਊਰਜਾ ਦੇ ਵਿਕਾਸ ਦੀਆਂ ਅਪਾਰ ਸੰਭਾਵਨਾਵਾਂ ਹਨ। ਉਨ੍ਹਾਂ ਹੁਨਰ ਵਿਕਾਸ ਅਤੇ ਮਹਿਲਾ ਸਸ਼ਕਤੀਕਰਨ 'ਤੇ ਟਰਾਈਡੈਂਟ ਦੇ ਫੋਕਸ 'ਤੇ ਵੀ ਜ਼ੋਰ ਦਿੱਤਾ, ਉਨ੍ਹਾਂ ਕਿਹਾ ਕਿ 50% ਨਵੇਂ ਰੁਜ਼ਗਾਰ ਦੇ ਮੌਕੇ ਔਰਤਾਂ ਲਈ ਰਾਖਵੇਂ ਹਨ। ਮੁੱਖ ਮੰਤਰੀ ਦੀ ਦੂਰਅੰਦੇਸ਼ੀ ਲੀਡਰਸ਼ਿਪ ਦੀ ਪ੍ਰਸ਼ੰਸਾ ਕਰਦੇ ਹੋਏ, ਸ਼੍ਰੀ ਗੁਪਤਾ ਨੇ ਕਿਹਾ ਕਿ ਬੁੱਧੀਜੀਵੀਆਂ ਅਤੇ ਉਦਯੋਗਪਤੀਆਂ ਵਿਚਕਾਰ ਸਹਿਯੋਗ ਨੂੰ ਉਤਸ਼ਾਹਿਤ ਕਰਨ ਨਾਲ ਨਵੀਨਤਾ ਅਤੇ ਖੇਤਰੀ ਵਿਕਾਸ ਨੂੰ ਉਤਸ਼ਾਹ ਮਿਲਿਆ ਹੈ। ਇਹ ਪਹਿਲਕਦਮੀ ਟਿਕਾਊ ਉਦਯੋਗਿਕ ਵਿਕਾਸ ਅਤੇ ਸਮਾਵੇਸ਼ੀ ਪ੍ਰਗਤੀ ਲਈ ਇੱਕ ਕੇਂਦਰ ਵਜੋਂ ਮੱਧ ਪ੍ਰਦੇਸ਼ ਦੀ ਸਾਖ ਨੂੰ ਮਜ਼ਬੂਤ ਕਰਦੀ ਹੈ, ਜਿਸ ਨਾਲ ਦੁਨੀਆ ਭਰ ਦੇ ਨਿਵੇਸ਼ਕਾਂ ਵਿਚ ਇਸਦੀ ਅਪੀਲ ਹੋਰ ਮਜ਼ਬੂਤ ਹੋਵੇਗੀ ।

ਟਰਾਈਡੈਂਟ ਗਰੁੱਪ ਬਾਰੇ

ਟਰਾਈਡੈਂਟ ਲਿਮਿਟੇਡ ਟਰਾਈਡੈਂਟ ਗਰੁੱਪ ਦੀ ਪ੍ਰਮੁੱਖ ਕੰਪਨੀ ਹੈਲੂ ਜੋ ਇੱਕ ਭਾਰਤੀ ਬਿਜ਼ਨਸ ਗਰੁੱਪ ਅਤੇ ਗਲੋਬਲ ਕੰਪਨੀ ਹੈ। ਲੁਧਿਆਣਾਲੂ ਪੰਜਾਬ ਦੇ ਮੁੱਖ ਦਫ਼ਤਰ ਵਾਲੀ ਟਰਾਈਡੈਂਟ ਲਿਮਿਟੇਡ ਇੱਕ ਵਰਟੀਕਲੀ ਇੰਟੀਗ੍ਰੇਟਡ ਟੈਕਸਟਾਈਲ (ਯਾਰਨਲੂ ਬਾਥ ਅਤੇ ਬੈੱਡ ਲਿਨਨ) ਪੇਪਰ (ਕਣਕ ਦੀ ਪਰਾਲੀ ਤੇ ਅਧਾਰਿਤ) ਅਤੇ ਕੈਮੀਕਲ ਨਿਰਮਾਤਾ ਹੈ। ਟਰਾਈਡੈਂਟ ਦੇ ਯਾਰਨਲੂ ਬਾਥ ਅਤੇ ਬੈੱਡ ਲਿਨਨ ਅਤੇ ਪੇਪਰ ਬਿਜ਼ਨਸ ਨੇ ਗਲੋਬਲ ਮਾਨਤਾ ਪ੍ਰਾਪਤ ਕੀਤੀ ਹੈ ਅਤੇ ਭਾਰਤ ਅਤੇ ਦੁਨੀਆਂ ਭਰ ਵਿੱਚ ਲੱਖਾਂ ਗਾਹਕਾਂ ਨੂੰ ਖੁਸ਼ ਕਰ ਰਹੇ ਹਨ। ਟਰਾਈਡੈਂਟ ਭਾਰਤ ਵਿੱਚ ਹੋਮ ਟੈਕਸਟਾਈਲ ਦੇ ਸਭ ਤੋਂ ਵੱਡੇ ਨਿਰਮਾਤਾਵਾਂ ਵਿੱਚੋਂ ਇੱਕ ਹੈ। ਨੈਸ਼ਨਲਲੂ ਕੈਪੀਟਵ ਅਤੇ ਰਿਟੇਲਰ-ਓਨਰਡ ਬ੍ਰਾਂਡਸ ਦੀ ਸਪਲਾਈ ਕਰਨ ਵਾਲਾ ਇਹ ਸੰਗਠਨ ਆਪਣੇ ਗਾਹਕਾਂਲੂ ਵਿਕਰੇਤਾਵਾਂ ਅਤੇ ਵੱਖ-ਵੱਖ ਸਰਕਾਰੀ ਸੰਸਥਾਵਾਂ ਤੋਂ ਉਤਪਾਦ ਦੀ ਗੁਣਵੱਤਾਲੂ ਸਮਾਜਿਕ ਜ਼ਿੰਮੇਵਾਰੀ ਅਤੇ ਵਾਤਾਵਰਣ ਸੁਰੱਖਿਆ ਵਿੱਚ ਉੱਚੇ ਮਿਆਰਾਂ ਨੂੰ ਅੱਗੇ ਵਧਾਉਣ ਲਈ ਲਗਾਤਾਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਅਵਾਰਡਜ਼ ਪ੍ਰਾਪਤ ਕਰ ਰਹੀ ਹੈ। ਕੰਪਨੀ ਤਿੰਨ ਪ੍ਰਮੁੱਖ ਬਿਜ਼ਨਸ ਸੇਗਮੈਂਟਸ ਵਿੱਚ ਕੰਮ ਕਰਦੀ ਹੈ: ਟੈਕਸਟਾਈਲ (ਯਾਰਨਲੂ ਬਾਥ ਅਤੇ ਬੈੱਡ ਲਿਨਨ) ਕਾਗਜ਼ (ਕਣਕ ਦੀ ਪਰਾਲੀ 'ਤੇ ਅਧਾਰਿਤ) ਅਤੇ ਕੈਮੀਕਲਲੂ ਜਿਸਦੀ ਮੈਨਿਊਫੈਕਚਰਿੰਗ ਸੁਵਿਧਾਵਾਂ ਪੰਜਾਬ ਅਤੇ ਮੱਧ ਪ੍ਰਦੇਸ਼ ਵਿੱਚ ਹੈ।

ਚੇਅਰਪਰਸਨ, ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਅੰਮ੍ਰਿਤਸਰ ਕੇਂਦਰੀ ਜੇਲ ਦਾ ਦੌਰਾ

ਅੰਮ੍ਰਿਤਸਰ 9 ਦਸੰਬਰ (ਸੋਨੂੰ ਨਰੂਲਾ) ਜਸਟਿਸ ਸੰਤ ਪ੍ਰਕਾਸ਼ ਚੇਅਰ ਪਰਸਨ ਪੰਜਾਬ ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਵੱਲੋਂ ਅੱਜ ਅਚਨਚੇਤ ਕੇਂਦਰੀ ਜੇਲ੍ਹ, ਅੰਮ੍ਰਿਤਸਰ ਦਾ ਦੌਰਾ ਕੀਤਾ ਗਿਆ ਇਸ ਮੌਕੇ ਸ਼੍ਰੀ ਕੇ.ਕੇ. ਬਾਂਸਲ, ਰਜਿਸਟਰਾਰ, ਸ਼੍ਰੀ ਡੀ.ਡੀ.ਸ਼ਰਮਾ, ਸੰਯੁਕਤ ਰਜਿਸਟਰਾਰ ਅਤੇ ਸ਼੍ਰੀ ਰਾਜੇਸ਼ ਢੀਂਗਰਾ, ਪ੍ਰਾ. ਸਕੱਤਰ, ਸ਼੍ਰੀ ਏ.ਐਸ.ਬੈਂਸ, ਸੀਜੇਐਮ-ਕਮ-ਸਕੱਤਰ, ਜਿਲ੍ਹਾ. ਕਾਨੂੰਨੀ ਸੇਵਾਵਾਂ ਅਥਾਰਟੀ , ਸ਼੍ਰੀਮਤੀ ਸ਼ਾਕਸ਼ੀ ਸਾਹਨੀ, ਡਿਪਟੀ ਕਮਿਸ਼ਨਰ, ਸ਼੍ਰੀ ਗੁਲਪ੍ਰੀਤ ਸਿੰਘ ਔਲਖ, ਕਮਿਸ਼ਨਰ ਨਗਰ ਨਿਗਮ, ਸ਼੍ਰੀ. ਚਰਨਜੀਤ ਸਿੰਘ ਅੰਮ੍ਰਿਤਸਰ ਦਿਹਾਤੀ ਦੇ ਐਸ.ਐਸ.ਪੀ, ਸ਼੍ਰੀ ਅਮਿਤ ਸਰੀਨ, ਏ.ਡੀ.ਸੀ, ਸ਼੍ਰੀ ਆਲਮ ਵਿਜੇ ਸਿੰਘ, ਡਿਪਟੀ ਕਮਿਸ਼ਨਰ ਆਫ ਪੁਲਿਸ, ਡਾ.ਕਰਨਦੀਪ ਕੌਰ ਸਿਵਲ ਸਰਜਨ , ਡਾ.ਸ਼ਵਿੰਦਰ ਸਿੰਘ, ਡਾਇਰੈਕਟਰ, ਮਾਨਸਿਕ ਸਿਹਤ, ਐਡੀਸ਼ਨਲ ਸੁਪਰਡੰਟ ਜੇਲ ਕੁੰਵਰ ਸੁਰਤੇਗ ਸਿੰਘ, ਮੈਡੀਕਲ ਅਫਸਰ ਡਾ: ਮਨਿੰਦਰ ਸਿੰਘ ਤੇ ਹੋਰ ਸੀਨੀਅਰ ਅਧਿਕਾਰੀ ਵੀ ਉਨਾਂ ਦੇ ਨਾਲ ਸਨ। ਚੇਅਰ ਪਰਸਨ ਮਨੁੱਖੀ ਅਧਿਕਾਰ ਕਮਿਸ਼ਨ ਨੇ ਜੇਲ੍ਹ ਅਹਾਤੇ ਵਿੱਚ ਰਹਿ ਰਹੇ ਕਰੀਬ 4 ਹਜਾਰ ਕੈਦੀਆਂ ਨੂੰ ਮਿਲ ਰਹੀਆਂ ਸਹੂਲਤਾਂ ਉਹਨਾਂ ਦੇ ਮਨੁੱਖੀ ਅਧਿਕਾਰਾਂ, ਮਿਲ ਰਹੇ ਖਾਣੇ ਆਦ ਦਾ ਬਰੀਕੀ ਨਾਲ ਜਾਇਜ਼ਾ ਲਿਆ। ਉਨਾਂ ਨੇ ਕੈਦੀਆਂ ਨਾਲ ਗੱਲਬਾਤ ਕਰਕੇ ਉਹਨਾਂ ਦੀਆਂ ਸ਼ਿਕਾਇਤਾਂ ਬਾਰੇ ਪੁੱਛਿਆ ਅਤੇ ਉਨ੍ਹਾਂ ਨੂੰ ਕੈਦੀਆਂ ਦੇ ਕਾਨੂੰਨੀ ਅਧਿਕਾਰਾਂ ਬਾਰੇ ਜਾਣੂ ਕਰਵਾਇਆ। ਮਾਨਯੋਗ ਜਸਟਿਸ ਨੇ ਜੇਲ ਵਿਚਲੀ ਰਸੋਈ ਦਾ ਦੌਰਾ ਵੀ ਕੀਤਾ ਅਤੇ ਉੱਥੇ ਵੰਡ ਰਹੇ ਖਾਣੇ ਨੂੰ ਖਾ ਕੇ ਉਸ ਦੀ ਕੁਆਲਿਟੀ ਦੀ ਜਾਂਚ ਕੀਤੀ। ਕੈਦੀਆਂ ਦੀ ਸਿਹਤ ਸੰਭਾਲ ਬਾਰੇ ਪੁੱਛਣ ਉੱਤੇ ਉੱਥੇ ਮੌਜੂਦ ਸਿਵਲ ਸਰਜਨ ਨੇ ਦੱਸਿਆ ਕਿ ਜੇਲ੍ਹ ਵਿੱਚ ਚਾਰ ਪੱਕੇ ਡਾਕਟਰ ਤਾਇਨਾਤ ਹਨ ਇਸ ਤੋਂ ਇਲਾਵਾ ਹਫ਼ਤੇ ਵਿੱਚ ਦੋ ਵਾਰ ਮਾਹਰ ਡਾਕਟਰਾਂ ਵੱਲੋਂ ਵੀ ਜੇਲ੍ਹ ਦਾ ਦੌਰਾ ਕੀਤਾ ਜਾਂਦਾ ਹੈ ਅਤੇ ਇਸ ਤੋਂ ਇਲਾਵਾ ਜਦ ਵੀ ਲੋੜ ਵੇਲੇ ਜੇਲ ਵਿਭਾਗ ਮੰਗ ਕਰਦਾ ਹੈ ਮਾਹਰ ਡਾਕਟਰਾਂ ਨੂੰ ਭੇਜਿਆ ਜਾਂਦਾ ਹੈ। ਉਹਨਾਂ ਨੇ ਕੈਦੀਆਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਮੌਕੇ 'ਤੇ ਹਾਜ਼ਰ ਸਬੰਧਤ ਅਧਿਕਾਰੀਆਂ ਨੂੰ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਤੋਂ ਇਲਾਵਾ ਉਨਾਂ ਨੇ ਹਾਜ਼ਰ ਅਧਿਕਾਰੀਆਂ ਨਾਲ ਜੇਲ੍ਹ ਵਿੱਚ ਬੰਦ ਕੈਦੀਆਂ ਨਾਲ ਸਬੰਧਤ ਹੋਰ ਵਿਸ਼ਿਆਂ ਉੱਤੇ ਵੀ ਵਿਸਥਾਰ ਵਿੱਚ ਚਰਚਾ ਕੀਤੀ।

ਮੁਹਿੰਮ ਦੇ ਦੂਜੇ ਦਿਨ ਸਕੂਲਾਂ ਅਤੇ ਘਰਾਂ ਵਿੱਚ ਬੱਚਿਆਂ ਨੂੰ ਪਿਲਾਈ ਦੋ ਬੂੰਦ ਜਿੰਦਗੀ ਦੀ

ਸ੍ਰੀ ਮੁਕਤਸਰ ਸਾਹਿਬ, 09 ਦਸੰਬਰ (ਰਵੀਨਾ ਅਰੋੜਾ) ਸਿਵਲ ਸਰਜਨ ਡਾ. ਜਗਦੀਪ ਚਾਵਲਾ ਦੇ ਨਿਰਦੇਸ਼ਾਂ ਅਤੇ ਸੀ.ਐਚ.ਸੀ ਚੱਕ ਸ਼ੇਰੇ ਵਾਲਾ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਤਾਰ ਸਿੰਘ ਦੀ ਅਗਵਾਈ ਹੇਠ ਪਲਸ ਪੋਲੀਓ ਮੁਹਿੰਮ ਦੇ ਦੂਸਰੇ ਦਿਨ ਸਿਹਤ ਕਰਮੀਆਂ ਵਲੋਂ ਸਕੂਲਾਂ ਅਤੇ ਘਰ-ਘਰ ਜਾ ਕੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਆਈਆਂ ਗਈਆਂ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਨੋਡਲ ਅਫਸਰ ਡਾ. ਜਤਿੰਦਰ ਪਾਲ ਸਿੰਘ ਅਤੇ ਬੀ.ਈ.ਈ ਮਨਬੀਰ ਸਿੰਘ ਨੇ ਦੱਸਿਆ ਕਿ ਮੁਹਿੰਮ ਦੇ ਦੂਸਰੇ ਦਿਨ ਅੱਜ ਬਲਾਕ ਅਧੀਨ ਆਉਂਦੇ 90 ਪਿੰਡਾਂ ਦੇ 5 ਸਾਲ ਤੱਕ ਦੇ ਲਗਭਗ 5350 ਬੱਚਿਆਂ ਨੂੰ ਕਵਰ ਕੀਤਾ ਗਿਆ। ਉਹਨਾਂ ਕਿਹਾ ਕਿ ਵਿਭਾਗ ਦੀਆਂ ਟੀਮਾਂ ਵਲੋਂ ਝੁੱਗੀਆਂ, ਸਲੱਮ ਏਰੀਆ, ਭੱਠਿਆਂ, ਢਾਣੀਆਂ ਅਤੇ ਪਿੰਡਾਂ ਦੇ ਘਰ-ਘਰ ਦੀ ਵਿਜਿਟ ਕੀਤੀ ਜਾਂਦੀ ਹੈ ਤਾਂ ਜੋ ਕੋਈ ਵੀ ਬੱਚਾ ਵਾਂਝਾ ਨਾ ਰਹਿ ਜਾਵੇ। ਉਹਨਾਂ ਕਿਹਾ ਕਿ ਸਭ ਤੋਂ ਜਿਆਦਾ ਮੁਸ਼ਕਲ ਦੂਰ ਦਰਾਡੇ ਬਣੀ ਢਾਣੀਆਂ, ਪ੍ਰਵਾਸੀ ਮਜਦੂਰਾਂ ਅਤੇ ਸਲੱਮ ਏਰੀਆ ਵਿਚ ਰਹਿੰਦੇ ਬੱਚਿਆਂ ਨੂੰ ਕਵਰ ਕਰਨ ਵਿਚ ਆਉਂਦੀ ਹੈ ਜਿਸ ਲਈ ਮੋਬਾਈਲ ਟੀਮਾਂ ਵੀ ਬਣਾਈ ਜਾਂਦੀਆਂ ਹਨ। ਇਸ ਮੁਹਿੰਮ ਵਿਚ ਬਲਾਕ ਦਾ ਸਮੂਹ ਸਟਾਫ, ਬੀ.ਐਸ.ਏ ਅਰੁਣ ਕੁਮਾਰ, ਸੀ.ਐਚ.ਓ, ਮ.ਪ.ਹ.ਸ (ਮੇਲ ਤੇ ਫੀਮੇਲ), ਮ.ਪ.ਹ.ਵ (ਮੇਲ ਤੇ ਫੀਮੇਲ), ਆਸ਼ਾ ਫੈਸਿਲਿਟੇਟਰ, ਆਸ਼ਾ ਵਰਕਰ, ਆਂਗਣਵਾੜੀ ਵਰਕਰ ਅਤੇ ਵਲੰਟੀਅਰ ਸਹਿਯੋਗ ਦੇ ਰਹੇ ਹਨ।

ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰ ਸਿੰਘ ਵੱਲੋਂ 12 ਸਰਕਾਰੀ ਸਕੂਲਾਂ ਨੂੰ ਲਿਆ ਗੋਦ

ਨਾਭਾ 9 ਦਸੰਬਰ (ਤਰੁਣ ਮਹਿਤਾਂ) ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਨੇ ਨਾਭਾ ਹਲਕੇ ਦੇ 12 ਸਰਕਾਰੀ ਸਕੂਲਾਂ ਨੂੰ ਗੋਦ ਲਿਆ ਹੈ ਇਹਨਾਂ ਸਰਕਾਰੀ ਸਕੂਲਾਂ ਦੇ ਵਿੱਚ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਵੱਲੋਂ ਫਰਨੀਚਰ ਬੱਚਿਆਂ ਲਈ ਵਰਦੀਆਂ ਅਤੇ ਗਰਮੀਆਂ ਦੇ ਵਿੱਚ ਪੱਖੇ ਵਾਟਰ ਕੂਲਰ ਤੋਂ ਇਲਾਵਾ ਹੋਰ ਕਾਫੀ ਸਮਾਨ ਮਹੀਆ ਕਰਵਾਇਆ ਗਿਆ ਹੈ। ਇਸ ਮੌਕੇ ਤੇ ਉਨਾਂ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਬੱਚਿਆਂ ਨੂੰ ਉਤਸ਼ਾਹਤ ਕਰਨਾ ਹਰ ਇੱਕ ਦਾ ਫਰਜ਼ ਹੈ ਕਿਉਂਕਿ ਬੱਚੇ ਦੇਸ਼ ਦਾ ਭਵਿੱਖ ਹਨ। ਉਹਨਾਂ ਦੱਸਿਆ ਕਿ ਅਸੀਂ ਪਿਛਲੇ ਲੰਮੇ ਸਮੇਂ ਤੋਂ ਇਹਨਾਂ ਵਾਰਾਂ ਸਕੂਲਾਂ ਦੇ ਵਿੱਚ ਬੱਚਿਆਂ ਦੀ ਪੜ੍ਹਾਈ ਲਈ ਅਤੇ ਸਕੂਲਾਂ ਦੇ ਵਿੱਚ ਹੋਰ ਸਮਾਨ ਲਈ ਦਿੰਦੇ ਆ ਰਹੇ ਹਾਂ। ਕਿਉਂਕਿ ਗੁਰੂ ਘਰ ਦੀ ਮਾਇਆ ਚੰਗੇ ਕੰਮਾਂ ਤੇ ਲੱਗਣੀ ਬਹੁਤ ਹੀ ਜਰੂਰੀ ਹੈ।, ਇਸ ਮੌਕੇ ਤੇ ਸਕੂਲਾਂ ਦੀ ਮੈਨੇਜਮੈਂਟ ਵੱਲੋਂ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਕਸ਼ਮੀਰਾ ਸਿੰਘ ਜੀ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ, ਬਿਰੜਵਾਲ, ਧਗੇੜਾ ਦੇ ਸਕੂਲਾਂ ਵਿੱਚ ਪਹੁੰਚ ਕੇ ਵਰਦੀਆਂ ਵੋਟ ਅਤੇ ਹੋਰ ਲੋੜਵੰਦ ਚੀਜ਼ਾਂ ਸਕੂਲ ਨੂੰ ਮੁਹਈਆ ਕਰਵਾਈਆਂ। ਇਸ ਮੌਕੇ ਤੇ ਬਾਬਾ ਹਰਦੇਵ ਸਿੰਘ ਬਾਬਾ ਬਲਦੇਵ ਸਿੰਘ, ਟੀਚਰ ਸੁਖਵਿੰਦਰ ਸਿੰਘ, ਨੰਬਰਦਾਰ ਹਰਪਾਲ ਸਿੰਘ, ਕੇਸਰ ਸਿੰਘ, ਕਰਨੈਲ ਸਿੰਘ ਸਰਪੰਚ ਜਗਦੀਪ ਸਿੰਘ ਧਗੇੜਾ, ਹਰਪ੍ਰੀਤ ਸਿੰਘ ਕੈਦੂਪੁਰ ,ਪਾਖਰ ਸਿੰਘ ਐਮ ਡੀ ਹਰਦੇਵ ਕਬਾਇਨ, ਚਰਨ ਸਿੰਘ ਐਮਡੀ ਮਲਕੀਤ ਕੰਬਾਇਨ, ਅਮਰੀਕ ਸਿੰਘ ਬਿਰੜਵਾਲ ਗੁਰਮੀਤ ਸਿੰਘ, ਪ੍ਰਿੰਸੀਪਲ ਅਮਰਦੀਪ ਸਿੰਘ ਬਾਠ ਧਗੇੜਾ, ਬਲਜੀਤ ਸਿੰਘ ਲੈਕਚਰਾਰ, ਮਨਜਿੰਦਰ ਸਿੰਘ ਇੰਦਰਜੀਤ ਸਿੰਘ ਆਦਿ ਹਾਜ਼ਰ ਸਨ।

ਬੱਚਿਆਂ ਨੂੰ ਪਿਲਾਈਆਂ ਪੋਲੀਓ ਰੋਕੂ ਦਵਾਈਆਂ ਦੀਆਂ ਬੂੰਦਾਂ

ਫਤਹਿਗੜ੍ਹ ਪੰਜਤੂਰ, 09 ਦਸੰਬਰ (ਸਤਨਾਮ ਸਿੰਘ ਘਾਰੂ)- ਪਲਸ ਪੋਲੀਓ ਮੁਹਿਮ ਦੇ ਪਹਿਲੇ ਦਿਨ ਡਾਕਟਰ ਰਾਜੇਸ਼ ਕੁਮਾਰ ਅੱਤਰੀ ਸਿਵਲ ਸਰਜਨ ਮੋਗਾ ਦੇ ਨਿਰਦੇਸ਼ਾ ਅਨੁਸਾਰ ਡਾਕਟਰ ਰਿਪੂ ਦਮਨ ਐਸ ਐਮ ਓ ਕੋਟ ਇਸੇ ਖਾਂ, ਅਤੇ ਡਾਕਟਰ ਗੁਰਿੰਦਰ ਸਿੰਘ ਬਰਾੜ ਮੈਡੀਕਲ ਅਫਸਰ ਫਤਿਹਗੜ੍ਹ ਪੰਜਤੂਰ ਦੀ ਅਗਵਾਈ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਵੱਖ ਵੱਖ ਥਾਵਾਂ ਉੱਪਰ ਬੱਚਿਆਂ ਨੂੰ ਪੋਲੀਓ ਰੋਕੂ ਦਵਾਈ ਦੀਆਂ ਬੂੰਦਾਂ ਪਿਲਾਈਆਂ ਗਈਆਂ ਇਸ ਸਮੇਂ ਸਿਹਤ ਕਰਮੀ ਡਾ ਹਰਦੇਵ ਸਿੰਘ, ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ ਸੰਧੂ , ਹਰਪ੍ਰੀਤ ਸਿੰਘ ਹੈਪੀ , ਭੁਪਿੰਦਰ ਨਰੂਲਾ, ਸੰਦੀਪ ਕੁਮਾਰ ਸੋਨੀ ,ਨਿਸ਼ਾਨ ਸਿੰਘ , ਬਲਜੀਤ ਸਿੰਘ ਕਚੂਰਾ, ਆਦਿ ਪੱਤਰਕਾਰ ਹਾਜਰ ਸਨ। ਵਿੱਚ ਆਸ਼ਾ ਵਰਕਰ ਅਤੇ ਆਂਗਣਵਾੜੀ ਵਰਕਰ ਮਿਲ ਕੇ ਕੰਮ ਕਰ ਰਹੇ ਹਨ ਉਹਨਾਂ ਵੱਲੋਂ ਅੱਜ ਵੱਖ ਵੱਖ ਪਿੰਡਾਂ ਵਿੱਚ ਬੂਥ ਲਗਾ ਕੇ ਜ਼ੀਰੋ ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਦਵਾਈਆਂ ਦੀਆਂ ਬੂੰਦਾਂ ਪਿਲਾਈਆਂ ਗਈਆਂ ਏਸ ਸਮੇਂ ਸਿਹਤ ਵਿਭਾਗ ਦੀਆਂ ਟੀਮਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੱਲ੍ਹ ਪਰਸੋਂ ਦੋ ਦਿਨ ਸਾਡੀਆਂ ਟੀਮਾਂ ਵੱਲੋਂ ਘਰਾਂ ਵਿੱ

ਭਾਰਤ ਵਿਕਾਸ ਪ੍ਰੀਸ਼ਦ ਵਲੋਂ ਗੁਰੂ ਵੰਦਨ ਛਾਤਰ ਅਭਿਨੰਦਨ ਪ੍ਰੋਜੈਕਟ ਦਾ ਅਯੋਜਨ ਕੀਤਾ ਗਿਆ

ਬੱਸੀ ਪਠਾਣਾਂ, 9 ਦਸੰਬਰ (ਰਾਜਨ ਭੱਲਾ) ਭਾਰਤ ਵਿਕਾਸ ਪ੍ਰੀਸ਼ਦ ਬਸੀ ਪਠਾਣਾਂ ਵਲੋਂ ਪ੍ਰਧਾਨ ਮਨੋਜ ਕੁਮਾਰ ਭੰਡਾਰੀ ਦੀ ਪ੍ਰਧਾਨਗੀ ਅਤੇ ਮਹਿਲਾ ਮੁੱਖੀ ਮੀਨੂ ਬਾਲਾ, ਪ੍ਰੋਜੈਕਟ ਚੇਅਰਪਰਸਨ ਨਿਧੀ ਭੰਡਾਰੀ ਦੀ ਦੇਖਰੇਖ ਹੇਠ ਸੰਤ ਨਾਮਦੇਵ ਮੰਦਰ, ਬਸੀ ਪਠਾਣਾਂ ਵਿੱਖੇ ਗੁਰੂ ਵੰਦਨ ਛਾਤਰ ਅਭਿਨੰਦਨ ਪ੍ਰੋਜੈਕਟ ਦਾ ਅਯੋਜਨ ਕੀਤਾ ਗਿਆ। ਜਿਸ ਵਿੱਚ ਭਾਰਤ ਵਿਕਾਸ ਪ੍ਰੀਸ਼ਦ ਜਿਲਾ ਰੋਪੜ ਦੇ ਸੰਯੋਜਕ ਜਤਿੰਦਰ ਗੁੰਬਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਪ੍ਰੀਸ਼ਦ ਵਲੋਂ 25 ਸਕੂਲਾਂ ਦੇ 25 ਅਧਿਆਪਕਾਂ ਅਤੇ 40 ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਸਭ ਤੋਂ ਪਹਿਲਾਂ ਮੁੱਖ ਮਹਿਮਾਨ ਜਤਿੰਦਰ ਗੁੰਬਰ ਵਲੋਂ ਭਾਰਤ ਮਾਤਾ ਦੇ ਚਿਤੱਰ ਅਗੇ ਦੀਪ ਜਲਾ ਕੇ ਸਮਾਗਮ ਦੀ ਸ਼ੁਰੂਆਤ ਕੀਤੀ ਗਈ ਅਤੇ ਸੂਬਾ ਸੰਗਠਨ ਮੰਤਰੀ ਰਮੇਸ਼ ਮਲਹੋਤਰਾ ਵਲੋਂ ਸਾਰਿਆਂ ਦਾ ਸਵਾਗਤ ਕੀਤਾ ਗਿਆ ਅਤੇ ਭਾਰਤ ਵਿਕਾਸ ਪ੍ਰੀਸ਼ਦ ਵਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣੂ ਕਰਵਾਇਆ। ਜਤਿੰਦਰ ਗੁੰਬਰ ਨੇ ਕਿਹਾ ਕਿ ਸ਼ਾਖਾ ਬਸੀ ਪਠਾਣਾਂ ਵਲੋਂ ਗੁਰੂ

ਵੰਦਨ ਛਾਤਰ ਅਭਿਨੰਦਨ ਪ੍ਰੋਜੈਕਟ ਦਾ ਵੱਡੇ ਪਧੱਰ ਤੇ ਅਯੋਜਨ ਕਰਨਾ ਸ਼ਲਾਘਾਯੋਗ ਕਦਮ ਹੈ। ਸਾਨੂੰ ਸਾਰਿਆਂ ਨੂੰ ਆਪਣੇ ਗੁਰੂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਹਮੇਸ਼ਾ ਆਪਣੇ ਸ਼ਗੀਰਦ ਨੂੰ ਉੱਚੇ ਸਥਾਨ ਤੇ ਦੇਖਣਾ ਚਾਹੁੰਦਾ ਹੈ ਤੇ ਉਸ ਦੀ ਤਰੱਕੀ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਉਂਦਾ ਹੈ। ਭਾਰਤ ਭੂਸ਼ਣ ਸ਼ਰਮਾ ਨੇ ਮੰਚ ਸੰਚਾਲਨ ਦੀ ਭੂਮਿਕਾ ਵਧੀਆ ਢੰਗ ਨਾਲ ਨਿਭਾਈ। ਸੰਸਕਾਰ ਪ੍ਰਮੁੱਖ ਬਲਦੇਵ ਕ੍ਰਿਸ਼ਨ, ਖਾਲਸਪੁਰ ਸਕੂਲ ਦੀ ਪ੍ਰਿੰਸੀਪਲ ਪੂਨਮ ਮੈਂਗੀ ਵਲੋਂ ਵੀ ਆਪਣੇ ਵਿਚਾਰ ਰੱਖੇ ਗਏ। ਸ਼ਾਖਾ ਵਲੋਂ ਮੁੱਖ ਮਹਿਮਾਨ ਜਤਿੰਦਰ ਗੁੰਬਰ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਧਾਨ ਮਨੋਜ ਕੁਮਾਰ ਭੰਡਾਰੀ, ਮੀਨੂ ਬਾਲਾ ਅਤੇ ਨਿਧੀ ਭੰਡਾਰੀ ਨੇ ਸਾਝੇਂ ਤੋਰ ਤੇ ਕਿਹਾ ਕਿ ਪ੍ਰੀਸ਼ਦ ਦਾ ਇਹ ਪ੍ਰੋਜੈਕਟ ਲਗਾਉਣ ਦਾ ਮੁੱਖ ਉਦੇਸ਼ ਗੁਰੂ ਅਤੇ ਸ਼ਗੀਰਦ ਵਿਚਲੇ ਆਪਸੀ ਸੰਬੰਧ ਅਤੇ ਤਾਲਮੇਲ ਨੂੰ ਮਜ਼ਬੂਤ ਕਰਨਾ ਹੈ ਜੇਕਰ ਗੁਰੂ ਸ਼ਗੀਰਦ ਦਾ ਤਾਲਮੇਲ ਵਧੀਆ ਹੋਵੇਗਾ ਤਾਂ ਸ਼ਗੀਰਦ ਨੂੰ ਉਚਾਈਆਂ ਤੱਕ ਪੁਜੱਣ ਲਈ ਦੇਰ ਨਹੀਂ ਲਗੇਗੀ। ਉਨ੍ਹਾਂ ਕਿਹਾ ਕਿ ਦੇਸ਼ ਦੀ ਤਰੱਕੀ ਵਿੱਚ ਅਧਿਆਪਕ ਅਤੇ ਗੁਰੂ ਦਾ ਵੱਡਾ ਯੋਗਦਾਨ ਹੁੰਦਾ ਹੈ। ਮਨੋਜ ਕੁਮਾਰ ਭੰਡਾਰੀ ਵਲੋਂ ਮੁੱਖ ਮਹਿਮਾਨ, ਜਤਿੰਦਰ ਗੁੰਬਰ, ਘਨੀਆ ਲਾਲ ਮੈਨਰੋ, ਸਾਰਿਆਂ ਅਧਿਆਪਕਾਂ, ਵਿਦਿਆਰਥੀਆਂ, ਮੰਦਰ ਪ੍ਰਬੰਧਕ ਕਮੇਟੀ ਦਾ ਅਤੇ ਪ੍ਰੀਸ਼ਦ ਪਰਿਵਾਰ ਦੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ। ਇਸ ਮੋਕੇ ਜਗਦੀਸ਼ ਵਰਮਾ, ਸ਼ਾਰਦਾ ਪ੍ਰਸਾਦ ਮੋਰਿਆ, ਮੀਨਾਕਸ਼ੀ ਸੋਨੀ, ਰਮਾ ਗੁਪਤਾ, ਹਿਤੂ ਸੁਰਜਨ, ਵਨੀਤਾ ਸ਼ਰਮਾ, ਸੁਖਪ੍ਰੀਤ ਕੋਰ, ਪੂਜਾ ਮਲਹੋਤਰਾ, ਆਂਚਲ ਸ਼ਰਮਾ, ਨਿਸ਼ੀ ਮਲਹੋਤਰਾ, ਸ਼ਸ਼ੀ ਬਾਲਾ, ਰੀਨਾ ਮਲਹੋਤਰਾ, ਕਲਾ ਨੰਦਾ, ਵੀਨਾ ਰਾਣੀ, ਮੀਨੂ ਸ਼ਰਮਾ, ਜਿਲਾ ਸੰਯੋਜਕ ਬਬਲਜੀਤ ਪਨੇਸਰ, ਸਕੱਤਰ ਭਾਰਤ ਭੂਸ਼ਣ ਸਚਦੇਵਾ, ਖਜਾਨਚੀ ਸੰਜੀਵ ਸੋਨੀ, ਬਲਦੇਵ ਕ੍ਰਿਸ਼ਨ, ਵਿਨੋਦ ਸ਼ਰਮਾ, ਰਵਿੰਦਰ ਰਿਕੂ, ਭਾਰਤ ਭੂਸ਼ਣ ਸ਼ਰਮਾ, ਪ੍ਰਦੀਪ ਮਲਹੋਤਰਾ, ਗਗਨ ਸ਼ਰਮਾ, ਰਚਿੱਤ ਖੁਲੱਰ, ਰੁਪਿੰਦਰ ਸੁਰਜਨ, ਪਰਵੀਨ ਭਾਟੀਆ, ਪੰਡਿਤ ਨੀਲਮ ਸ਼ਰਮਾ, ਕ੍ਰਿਸ਼ਨ ਮਲਹੋਤਰਾ, ਰਵੀਸ਼ ਅਰੋੜਾ, ਵਿਕਾਸ ਬੰਸਲ, ਲਖਵੀਰ ਸਿੰਘ, ਮਦਨ ਲਾਲ ਆਦਿ ਹਾਜ਼ਰ ਸਨ।

ਆਦਰਸ਼ ਸਕੂਲ ਟੀਚਿੰਗ ਨਾਨ ਟੀਚਿੰਗ ਜਥੇਬੰਦੀ ਦੀ ਸਬ ਕਮੇਟੀ ਨਾਲ ਹੋਣ ਵਾਲੀ ਮੀਟਿੰਗ 'ਚ ਮੁੱਖ ਮੰਤਰੀ ਪੰਜਾਬ ਆਪ ਬੈਠਣ-ਗਲੋਟੀ

ਭਵਾਨੀਗੜ੍ਹ 9 ਦਸੰਬਰ (ਰਾਜ ਖੁਰਮੀ) ਆਦਰਸ਼ ਸਕੂਲ ਟੀਚਿੰਗ ਨਾਨ ਟੀਚਿੰਗ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ ਸੂਬਾ ਸਕੱਤਰ ਸੁਖਦੀਪ ਕੌਰ ਸਰਾਂ ਸਹਾਇਕ ਸਕੱਤਰ ਸਲੀਮ ਮੁਹੰਮਦ ਮੀਤ ਪ੍ਰਧਾਨ ਮੀਨੂੰ ਬਾਲਾ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਦਾ ਪੁਤਲਾ ਫੂਕ ਮੁਜਾਹਰਾ ਮੁੱਖ ਮੰਤਰੀ ਪੰਜਾਬ ਦੇ ਸ਼ਹਿਰ ਸੰਗਰੂਰ ਵਿਖੇ ਰੱਖਿਆ ਗਿਆ ਸੀ। ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਆਦਰਸ਼ ਸਕੂਲਾਂ ਦੇ ਅਧਿਆਪਕਾਂ ਨੂੰ ਨਿਗੁਣੀਆਂ ਤਨਖਾਹਾਂ ਤੇ ਕੰਮ ਕਰਨਾ ਪੈ ਰਿਹਾ ਹੈ। ਦੁੱਖ ਦੀ ਗੱਲ ਇਹ ਹੈ ਕਿ ਸਾਡੇ ਸਕੂਲਾਂ ਦੇ ਮੌਜੂਦਾ ਚੇਅਰਮੈਨ ਭਗਵੰਤ ਸਿੰਘ ਮਾਨ ਪੰਜਾਬ ਦੇ ਮੁੱਖ ਮੰਤਰੀ ਆਪ ਹਨ। ਭਗਵੰਤ ਸਿੰਘ ਮਾਨ ਦੇ ਮੁੱਖ ਮੰਤਰੀ ਪੰਜਾਬ ਬਣਨ ਤੇ ਆਦਰਸ਼ ਸਕੂਲਾਂ ਦੇ ਵਿੱਚ ਇੱਕ ਆਸ਼ਾ ਦੀ ਕਿਰਨ ਜਾਗੀ ਸੀ। ਕਿਉਂਕਿ ਸਾਡੇ ਸਕੂਲਾਂ ਦੇ ਵਿੱਚ ਜਾ ਕਿ ਭਗਵੰਤ ਸਿੰਘ ਮਾਨ ਖੁਦ ਸਾਡੇ ਸਕੂਲਾਂ ਦੇ ਮਸਲਿਆਂ ਤੇ ਬੋਲਦੇ ਰਹੇ ਹਨ। ਕਿ ਇਹਨਾਂ ਸਕੂਲਾਂ ਦੇ ਅਧਿਆਪਕਾਂ ਨਾਲ ਸੋਸ਼ਣ ਕੀਤਾ ਜਾਂਦਾ ਹੈ ਘੱਟ ਤਨਖਾਹ ਦਿੱਤੀਆਂ ਜਾਂਦੀਆਂ ਨੇ ।ਪਰ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਤੋਂ ਬਾਅਦ ਵੀ ਅਧਿਆਪਕਾਂ ਦੀਆਂ ਮੰਗਾਂ ਨੂੰ ਬੂਰ ਨਹੀਂ ਪੈ ਰਿਹਾ ਜਥੇਬੰਦੀ ਦੀ

ਇੱਕ ਮੀਟਿੰਗ ਮੁੱਖ ਮੰਤਰੀ ਪੰਜਾਬ ਦੇ ਨਾਲ ਜਲੰਧਰ ਵਿਖੇ ਹੋਈ ਸੀ ਜਿਸ ਵਿੱਚ ਉਹਨਾਂ ਨੇ ਜਥੇਬੰਦੀ ਦੇ ਸੂਬਾ ਆਗੂ ਜਸਵੀਰ ਸਿੰਘ ਗਲੋਟੀ ਸੂਬਾ ਮੀਤ ਪ੍ਰਧਾਨ ਮੀਨੂੰ ਬਾਲਾ ਸੂਬਾ ਮੁੱਖ ਸਲਾਹਕਾਰ ਓਮਾ ਮਾਧਵੀ ਨਾਲ ਇਹ ਵਾਅਦਾ ਕੀਤਾ ਸੀ ਕਿ ਆਦਰਸ਼ ਸਕੂਲ ਅਧਿਆਪਕਾਂ ਤੇ ਦਰਜਾ ਚਾਰ ਮੁਲਾਜ਼ਮਾਂ ਨੂੰ ਕਿਤੇ ਜਾਣ ਦੀ ਲੋੜ ਨਹੀਂ ਉਹਨਾਂ ਦੇ ਸਾਰੇ ਹੱਕ ਜਲਦੀ ਹੀ ਇਹਨਾਂ ਸਕੂਲਾਂ ਦੇ ਵਿੱਚ ਹੀ ਦਿੱਤੇ ਜਾਣਗੇ ਉਸੇ ਆਸ ਤੇ ਜਥੇਬੰਦੀ ਅੱਜ ਵੀ ਸੀਐਮ ਸਾਹਿਬ ਨੂੰ ਮਿਲਣ ਦੀ ਕੋਸ਼ਿਸ਼ ਕਰ ਰਹੀ ਹੈ। ਕਿਉਂਕਿ ਸਾਡੇ ਸਕੂਲਾਂ ਦੇ ਫੈਸਲੇ ਲੈਣ ਦਾ ਅਧਿਕਾਰ ਸਿਰਫ ਮੁੱਖ ਮੰਤਰੀ ਪੰਜਾਬ ਜਾਨੀ ਕਿ ਇਹਨਾਂ ਸਕੂਲਾਂ ਦੇ ਚੇਅਰਮੈਨ ਭਗਵੰਤ ਸਿੰਘ ਮਾਨ ਸਾਹਿਬ ਕੋਲ ਹੈ। ਸਮੂਹ ਜਥੇਬੰਦੀ ਵੱਲੋਂ ਮੁੱਖ ਮੰਤਰੀ ਪੰਜਾਬ ਨੂੰ ਬੇਨਤੀ ਕਰਦੇ ਆਂ ਕੀ ਆਉਣ ਵਾਲੀ 17 ਦਸੰਬਰ ਦੀ ਸਾਬਕ ਕਮੇਟੀ ਵਾਲੀ ਮੀਟਿੰਗ ਵਿੱਚ ਉਹ ਆਦਰਸ਼ ਸਕੂਲ ਅਧਿਆਪਕਾਂ ਦੇ ਨਾਲ ਜਰੂਰ ਬੈਠਣ ਅਤੇ ਇਹਨਾਂ ਦੇ ਲਟਕਦੇ ਹੋਏ ਮਸਲਿਆਂ ਨੂੰ ਹੱਲ ਕਰਨ। ਕਿਉਂਕਿ ਇਹਨਾਂ ਸਕੂਲਾਂ ਦੇ ਚੇਅਰਮੈਨ ਹੁੰਦੇ ਹੋਏ ਇਹ ਉਹਨਾਂ ਦਾ ਨੈਤਿਕ ਫਰਜ਼ ਬਣਦਾ । ਜੇਕਰ ਇਸ ਮੀਟਿੰਗ ਵਿੱਚ ਵੀ ਦਰਸ਼ ਸਕੂਲ ਅਧਿਆਪਕਾਂ ਦਾ ਗ੍ਰੇਡ ਪੇ ਮੁਤਾਬਕ ਤਨਖਾਹਾਂ ਦਾ ਨੋਟੀਫਿਕੇਸ਼ਨ ਜਾਰੀ ਨਹੀਂ ਹੁੰਦਾ ਤਾਂ ਜਲਦੀ ਹੀ ਪੰਜਾਬ ਸਰਕਾਰ ਦੇ ਖਿਲਾਫ ਸੰਗਰੂਰ ਵਿਖੇ ਤਿੱਖਾ ਸੰਘਰਸ਼ ਭਰਾਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਉਲੀਕਿਆ ਜਾਵੇਗਾ । ਇਸ ਮੌਕੇ ਸੂਬਾ ਪ੍ਰਧਾਨ ਜਸਵੀਰ ਸਿੰਘ ਗਲੋਟੀ, ਜਨਰਲ ਸਕੱਤਰ ਸੁਖਦੀਪ ਕੌਰ ਸਰਾਂ , ਜਨਰਲ ਸਕੱਤਰ ਸਲੀਮ ਮੁਹੰਮਦ, ਮੀਨੂੰ ਬਾਲਾ , ਹਰਪ੍ਰੀਤ ਕੌਰ ,ਅਮਰਜੋਤ ਜੋਸ਼ੀ, ਗਗਨ ਮਹਾਜਨ, ਓਮਾ ਮਾਧਵੀ, ਭੁਪਿੰਦਰ ਕੌਰ , ਸਰਬਜੀਤ ਕੌਰ, ਸੰਜੀਵ ਕੁਮਾਰ ,ਸੁਖਚੈਨ ਸਿੰਘ, ਮਨਮੋਹਣ ਸਿੰਘ ,ਅਮਨਦੀਪ ਖਾਨ ,ਦੀਪਕ ਕੁਮਾਰ ,ਗੁਰਚਰਨ ਸਿੰਘ ,ਜਗਤਾਰ ਸਿੰਘ ਹਰਸਿਮਰਨ ਸਿੰਘ, ਗੁਰਿੰਦਰ ਸਿੰਘ ,ਅਮਨ ਸ਼ਾਸਤਰੀ ਨਵਜੋਤ ਸਿੰਘ ,ਅਮਰੀਕ ਸਿੰਘ ਆਦਿ ਹਾਜ਼ਰ ਸਨ।

ਸਮਾਜ ਸੇਵਕ ਕਮਲ ਦੇ ਹੱਕ ਵਿੱਚ ਨਿਤਰਿਆ ਪਿੰਡ ਮਾਹਲ

ਅੰਮ੍ਰਿਤਸਰ 9 ਦਸੰਬਰ (ਸੋਨੂ ਨਰੂਲਾ) ਸਮਾਜ ਵਿੱਚ ਵਿਲੱਖਣ ਪਹਿਚਾਣ ਬਣਾਉਣ ਵਾਲੇ ਉੱਗੇ ਸਮਾਜ ਸੇਵਕ ਕਮਲ ਕੁਮਾਰ ਬੋਰੀ ਪੂਰੇ ਇਲਾਕੇ ਵਿੱਚੋਂ ਸ਼ਾਨਦਾਰ ਜਿੱਤ ਨਾਲ ਕਾਰਪੋਰੇਸ਼ਨ ਵਿੱਚ ਭੇਜਿਆ ਜਾਵੇਗਾ। ਇਹ ਵਿਚਾਰ ਪਿੰਡ ਮਾਹਲ ਵਿਖੇ ਕਾਰਪੋਰੇਸ਼ਨ ਦੀਆਂ ਆਗਾਮੀ ਚੋਣਾਂ ਨੂੰ ਲੈ ਕੇ ਇੱਕ ਮੀਟਿੰਗ ਦੌਰਾਨ ਸਿਰ ਕੱਢ ਆਗੂਆਂ ਆਪਣੇ ਬਿਆਨ ਸਾਂਝੇ ਕੀਤੇ ਇਸ ਮੌਕੇ ਮਹਿਲ ਸਿੰਘ ਗਿੱਲ ਟਹਿਲ ਸਿੰਘ ਗਿੱਲ ਗਿਆਨ ਸਿੰਘ ਜਸਵਿੰਦਰ ਸਿੰਘ ਲਾਡੀ ਬਲਜੀਤ ਸਿੰਘ ਅਨੋਖ ਸਿੰਘ ਰੋਸ਼ਨ ਭਗਤ ਅਮਰ ਕਲਿਆਣ ਮੁਨੀਸ਼ ਗਿੱਲ ਪ੍ਰਦੀਪ ਕੁਮਾਰ ਸੋਨੂ ਸ਼ਰਮਾ ਬਲਵਿੰਦਰ ਸਿੰਘ ਕੋਲਾ ਡਾਕਟਰ ਜਗਦੀਪ ਸਿੰਘ ਹੋਰ ਵੱਲੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਂਝੇ ਕੀਤੇ ਉਹਨਾਂ ਕਿਹਾ ਕਿ ਵਾਰਡ ਨੰਬਰ 85 ਦੇ ਸੰਭਾਵੀ ਉਮੀਦਵਾਰ ਉੱਗੇ ਸਮਾਜ ਸੇਵਕ ਕਮਲ ਕੁਮਾਰ ਬੋਰੀ ਦੀ ਬੜੀ ਵੱਡੀ ਪੂਰੀ ਮਾਨਵਤਾ ਨੂੰ ਦੇਣ ਹੈ ਜਿੱਥੇ ਉਹਨਾਂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਕਰੋਨਾ ਕਾਲ ਦੇ ਸਮੇਂ ਸ਼ੁਰੂ ਕੀਤਾ ਲਗਾਤਾਰ ਰਾਸ਼ਨ ਜੋ ਅਜੇ ਤੱਕ ਲੜੀਵਾਰ ਜਾਰੀ ਹੈ ਜਿੱਥੇ ਸਰਦ ਰੁੱਤ ਵਿੱਚ ਲੋੜਵੰਦ ਬੇਸਹਾਰਾ ਪਰਿਵਾਰਾਂ ਨੂੰ ਗਰਮ ਕੰਬਲ ਬਿਸਤਰੇ ਲਾਵਾਰਸ ਲਾਸ਼ਾਂ ਦੇ ਦੇਹ ਸਸਕਾਰ ਕਰਕੇ ਮਨੁੱਖਤਾ ਦੇ ਭਲੇ ਲਈ ਹਰ ਸਮੇਂ ਪਹਿਰਾ ਦਿੱਤਾ ਹੈ ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਪਿੰਡ ਮਾਹਲ ਅਨਮੋਲ ਇਨਕਲੇਵ ਅਸ਼ੋਕ ਵਿਹਾਰ ਜਾਗੋਆਣਾ ਕਲੋਨੀ ਮੰਦਰ ਮਾਤਾ ਰਾਣੀ ਜੈਪਾਲ ਐਵਨਿਊ ਦੇ ਇਲਾਕਾ ਨਿਵਾਸੀਆਂ ਵੱਲੋਂ ਹਾਈ ਕਮਾਂਡ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਜੇਕਰ ਵਾਰਡ ਨੰਬਰ 85 ਤੋਂ ਟਿਕਟ ਨਾਲ ਨਿਵਾਜਿਆ ਜਾਵੇ ਉਹ ਕਮਲ ਕੁਮਾਰ ਬੋਰੀ ਨੂੰ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਉਹ ਵੱਡੀ ਲੀਡ ਨਾਲ ਜਿਤਾ ਕੇ ਭੇਜਣਗੇ।

ਭਾਕਿਯੂ (ਏਕਤਾ-ਉਗਰਾਹਾਂ) ਦੀ ਸੂਬਾਈ ਮੀਟਿੰਗ ਵਿੱਚ ਫੰਡ ਮੁਹਿੰਮ ਮੁਕੰਮਲ ਕਰਨ ਉਪਰੰਤ ਮੈਂਬਰਸ਼ਿਪ ਮੁਹਿੰਮ ਸ਼ੁਰੂ ਕਰਨ ਦਾ ਫੈਸਲਾ

ਦੁੱਨੇਵਾਲਾ ਅਤੇ ਲੇਲੇਵਾਲਾ ਵਿਖੇ ਕਾਰਪੋਰੇਟਾਂ ਦੇ ਜ਼ਮੀਨਾਂ 'ਤੇ ਕਬਜ਼ੇ ਕਰਾਉਣ ਲਈ ਪੁਲਸੀ ਹੱਲਿਆਂ ਵਿਰੁੱਧ ਸਖ਼ਤ ਜਨਤਕ ਪਹਿਰੇਦਾਰੀ ਜਾਰੀ ਰੱਖਣ ਦਾ ਐਲਾਨ

ਬਰਨਾਲਾ 09 ਦਸੰਬਰ (ਜਗਸੀਰ ਸਿੰਘ ਧਾਲੀਵਾਲ ਸਹਿਜੜਾ) ਭਾਰਤੀ ਕਿਸਾਨ ਯੂਨੀਅਨ ਏਕਤਾ-ਉਗਰਾਹਾਂ ਵੱਲੋਂ ਜਥੇਬੰਦੀ ਦੀ ਛਿਮਾਹੀ ਫੰਡ ਮੁਹਿੰਮ ਜਲਦੀ ਮੁਕੰਮਲ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਇਹ ਫੈਸਲਾ ਅੱਜ ਇੱਥੋਂ ਥੋੜ੍ਹੀ ਦੂਰ ਪਿੰਡ ਚੀਮਾ ਵਿਖੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੀ ਪ੍ਰਧਾਨਗੀ ਹੇਠ ਹੋਈ ਸੂਬਾ ਕਮੇਟੀ ਮੀਟਿੰਗ ਵਿੱਚ ਕੀਤਾ ਗਿਆ ਹੈ। ਬੀਤੇ ਦਿਨਾਂ ਤੋਂ ਚੱਲ ਰਹੀ ਫੰਡ ਮੁਹਿੰਮ ਦੀਆਂ ਜ਼ਿਲ੍ਹਾ ਰਿਪੋਰਟਾਂ ਅਨੁਸਾਰ ਆਮ ਕਿਸਾਨਾਂ ਤੇ ਹੋਰ ਕਿਰਤੀ ਲੋਕਾਂ ਵੱਲੋਂ ਇਸ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਮੀਟਿੰਗ ਵਿੱਚ ਦੁੱਨੇਵਾਲਾ ਅਤੇ ਲੇਲੇਵਾਲਾ ਵਿਖੇ ਜ਼ਮੀਨਾਂ ਉੱਤੇ ਕਾਰਪੋਰੇਟਾਂ ਦੇ ਜਬਰੀ ਕਬਜ਼ੇ ਪੁਲਸੀ ਧੱਕੇਸ਼ਾਹੀ ਨਾਲ ਕਰਨ ਦੇ ਹੱਲਿਆਂ ਨੂੰ ਬੀਤੇ ਦਿਨੀਂ ਹਜ਼ਾਰਾਂ ਜੁਝਾਰੂ ਕਿਸਾਨਾਂ ਵੱਲੋਂ ਜ਼ਬਤਬੱਧ ਜਾਨਹੂਲਵੇਂ ਘੋਲਾਂ ਰਾਹੀਂ ਪਛਾੜਨ ਉੱਤੇ ਤਸੱਲੀ ਜ਼ਾਹਰ ਕੀਤੀ ਗਈ ਅਤੇ ਪ੍ਰਸ਼ਾਸਨ ਵੱਲੋਂ ਕੀਤੇ ਗਏ ਸਮਝੌਤਿਆਂ ਨੂੰ ਮੁਕੰਮਲ ਰੂਪ ਵਿੱਚ ਲਾਗੂ ਕਰਵਾਉਣ ਤੱਕ ਪਹਿਰੇਦਾਰੀ ਮੋਰਚੇ ਦਿਨੇ ਰਾਤ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ। ਅੱਥਰੂ ਗੈਸ ਦੇ ਗੋਲਿਆਂ ਤੇ ਸੱਟਾਂ ਫੇਟਾਂ ਵਰਗੀਆਂ ਦੁਸ਼ਵਾਰੀਆਂ ਝੱਲਦੇ ਹੋਏ ਦਿਨੇ ਰਾਤ ਹਫ਼ਤਿਆਂ ਬੱਧੀ ਮੋਰਚਿਆਂ ਵਿੱਚ ਡਟੇ ਰਹਿਣ ਵਾਲੇ ਸਮੂਹ

ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਤੇ ਔਰਤਾਂ ਦਾ ਜਥੇਬੰਦੀ ਵੱਲੋਂ ਤਹਿਦਿਲੋਂ ਧੰਨਵਾਦ ਕੀਤਾ ਗਿਆ। ਇਨ੍ਹਾਂ ਇਲਾਕਿਆਂ ਦੇ ਆਮ ਲੋਕਾਂ ਵੱਲੋਂ ਜੁਝਾਰੂਆਂ ਦੀ ਡਟਵੀਂ ਹਮਾਇਤ ਕਰਨ ਦਾ ਵੀ ਧੰਨਵਾਦ ਕੀਤਾ ਗਿਆ। ਝੋਨੇ ਦੀ ਖਰੀਦ ਵਿੱਚ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਵੱਲੋਂ ਕਾਰਪੋਰੇਟ ਪੱਖੀ ਖੁੱਲ੍ਹੀ ਮੰਡੀ ਦੀ ਨੀਤੀ ਤਹਿਤ ਖੜ੍ਹੇ ਕੀਤੇ ਅੜਿੱਕਿਆਂ ਨੂੰ ਭੰਨ ਕੇ ਪੂਰੇ ਐੱਮ ਐੱਸ ਪੀ 'ਤੇ ਖਰੀਦ ਕਰਵਾਉਣ ਸੰਬੰਧੀ ਪੰਜਾਬ ਭਰ ਦੀਆਂ ਮੰਡੀਆਂ ਵਿੱਚ ਥਾਂ ਥਾਂ ਲਾਏ ਗਏ ਕਿਸਾਨੀ ਮੋਰਚਿਆਂ ਦੀ ਕਾਮਯਾਬੀ ਉੱਤੇ ਵੀ ਤਸੱਲੀ ਜ਼ਾਹਰ ਕੀਤੀ ਗਈ। ਮੀਟਿੰਗ ਵਿੱਚ ਇਹ ਫੈਸਲਾ ਵੀ ਕੀਤਾ ਗਿਆ ਕਿ ਫੰਡ ਮੁਹਿੰਮ ਮੁਕੰਮਲ ਹੋਣ ਉਪਰੰਤ ਜਥੇਬੰਦੀ ਦੀ ਨਵੀਂ ਮੈਂਬਰਸ਼ਿਪ ਭਰਤੀ ਮੁਹਿੰਮ ਸ਼ੁਰੂ ਕੀਤੀ ਜਾਵੇਗੀ, ਜਿਸਦੇ ਮੁਕੰਮਲ ਹੋਣ ਉਪਰੰਤ ਹਰ ਪੱਧਰ 'ਤੇ ਨਵੀਂਆਂ ਕਮੇਟੀਆਂ ਦੀ ਚੋਣ ਲਈ ਡੈਲੀਗੇਟ ਇਜਲਾਸ ਕੀਤੇ ਜਾਣਗੇ। ਸੂਬਾ ਡੈਲੀਗੇਟ ਇਜਲਾਸ ਰਾਹੀਂ ਨਵੀਂ ਸੂਬਾ ਕਮੇਟੀ ਦੀ ਚੋਣ ਦਾ ਸਮਾਂ ਬਾਅਦ ਵਿੱਚ ਐਲਾਨ ਕੀਤਾ ਜਾਵੇਗਾ। ਮੀਟਿੰਗ ਵਿੱਚ ਹੋਰ ਸੂਬਾਈ ਅਹੁਦੇਦਾਰਾਂ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਰੂਪ ਸਿੰਘ ਛੰਨਾਂ, ਹਰਦੀਪ ਸਿੰ

ਉਜਾੜਾ ਰੋਕੂ ਸੰਘਰਸ਼ ਕਮੇਟੀ ਤੇ ਬੀਕੇਯੂ ਡਕੌਂਦਾ ਅਤੇ ਸਾਂਝੀਆਂ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਹੋਈ

ਪਟਿਆਲਾ, 9 ਦਸੰਬਰ (ਅਮਨ ਸਿੱਧੂ ਮੱਲ੍ਹੇਵਾਲ) : ਸੰਘਰਸ਼ ਕਮੇਟੀ ਰਾਜਪੁਰਾ ਦੇ ਕਨਵੀਨਰ ਲਸ਼ਕਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਸੀਲ ਕੰਪਨੀ ਵੱਲੋਂ ਧੋਖੇ ਨਾਲ ਹਥਿਆਈ ਜਮੀਨ ਗਈ। ਐਸ ਕੇ ਐਮ ਦੀਆਂ ਵੱਖ-ਵੱਖ ਜਥੇਬੰਦੀਆਂ ਵੱਲੋਂ ਮੀਟਿੰਗ ਕੀਤੀ ਗਈ। ਜਿਸ ਵਿੱਚ ਸਥਿਤੀ ਦਾ ਜਾਇਜ਼ਾ ਲਿਆ ਗਿਆ। ਮੁੱਖ ਤੌਰ ਤੇ ਐਸ ਕੇ ਐਮ ਦੀਆਂ ਜਥੇਬੰਦੀਆਂ ਵੱਲੋਂ ਇਸ ਗੱਲ ਤੇ ਚਿੰਤਾ ਪ੍ਰਗਟਾਈ ਗਈ। ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਅਤੇ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਦੇ ਆਗੂਆਂ ਨੇ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਹਿੱਸਾ ਲਿਆ। ਕਿਉਂਕਿ ਐਸ ਬੀ ਪੀ ਕੰਪਨੀ ਵੱਲੋਂ ਜ਼ਬਰਦਸਤੀ ਇਸ ਮਸਲੇ ਵਿੱਚ ਦਖਲ ਦੇਣਾ ਗੰਭੀਰਤਾ ਦਾ ਵਿਸ਼ਾ ਹੈ। ਇਸ ਲਈ ਇਸ ਦੀ ਪੁਰਜੋਰ ਸ਼ਬਦਾਂ ਵਿੱਚ ਨਿਖੇਦੀ ਕੀਤੀ ਗਈ। ਸਰਕਾਰ ਵੱਲੋਂ ਸੀਲ ਕੰਪਨੀ ਨੂੰ ਉਸਾਰੀ ਸਮੇਂ ਵਿੱਚ ਦਿੱਤਾ ਗਿਆ ਵਾਧਾ ਚਾਰ ਅਕਤੂਬਰ 2024 ਨੂੰ ਸਮਾਪਤ ਹੋ ਚੁੱਕਾ ਹੈ। ਕਿਸਾਨਾਂ ਵੱਲੋਂ ਸਰਬ ਸੰਮਤੀ ਨਾਲ ਇਹ ਮੰਗ ਕੀਤੀ ਗਈ ਜਾ ਰਹੀ ਹੈ। ਕਿ ਇਹ ਜਮੀਨ ਕਿਸਾਨਾਂ ਨੂੰ ਵਾਪਸ ਦਿੱਤੀ ਜਾਵੇ। ਇਸ ਮਸਲੇ ਵਿੱਚ ਸਰਬ ਸੰਮਤੀ ਨਾਲ ਇਹ ਮਤਾ ਪਾਸ ਕੀਤਾ ਗਿਆ, ਕੇ ਇਸ ਮਸਲੇ ਨੂੰ ਐਸ ਕੇ ਐਮ ਦੀ ਜਿਲ੍ਹਾ ਕਮੇਟੀ ਪਟਿਆਲਾ ਵਿਖੇ 11 ਦਸੰਬਰ ਨੂੰ ਠੀਕ 11 ਵਜੇ ਗੁਰਦੁਆਰਾ ਸ੍ਰੀ ਦੁਖ ਨਿਵਾਰਨ ਸਾਹਿਬ ਵਿਖੇ ਵਿਚਾਰਿਆ ਜਾਵੇਗਾ। ਮੀਟਿੰਗ ਵਿੱਚ ਬਾਕੀਆਂ ਤੋਂ ਇਲਾਵਾ ਪਵਨ ਕੁਮਾਰ ਸੋਗਲਪੁਰ ਆਲ ਇੰਡੀਆ ਕਿਸਾਨ ਫੈਡਰੇਸ਼ਨ, ਵਿਨੋਦ ਕੁਮਾਰ ਸ਼ਹੀਦ ਭਗਤ ਸਿੰਘ ਲੋਕ ਹਿਤ ਕਮੇਟੀ, ਅਮਰਜੀਤ ਸਿੰਘ ਘਨੌਰ ਜਮਹੂਰੀ ਕਿਸਾਨ ਸਭਾ, ਦਰਸ਼ਨ ਸਿੰਘ ਬੇਲੂ ਮਾਜਰਾ, ਰਾਜਕਿਸ਼ਨ ਨੂਰ ਖੇੜੀਆ ਜਮਹੂਰੀ ਕਿਸਾਨ ਸਭਾ ਤੋਂ ਜਸਬੀਰ ਸਿੰਘ ਖੇੜੀ ਰਾਜੂ ਗੁਰਬਖਸ਼ ਸਿੰਘ ਨੀਲਪੁਰ, ਦੀਦਾਰ ਸਿੰਘ ਲੱਖੇਵਾਲ ਜਥੇਬੰਦੀ ਤੋਂ ਦੀਦਾਰ ਸਿੰਘ, ਸੁਖਵਿੰਦਰ ਸਿੰਘ ਫਤਿਹ ਮਾਜਰੀ ਬਲਾਕ ਪ੍ਰਧਾਨ ਸਮਾਣਾ, ਅਮਨ ਸਿੱਧੂ ਮੱਲੇਵਾਲ ਜ਼ਿਲਾ ਪ੍ਰੈਸ ਸਕੱਤਰ ਬੀਕੇਯੂ ਡਕੌਂਦਾ, ਟਹਿਲ ਸਿੰਘ ਕੱਕੇਪੁਰ ਜ਼ਿਲਾ ਪ੍ਰੈਸ ਸਕੱਤਰ, ਗੁਰਮੀਤ ਸਿੰਘ ਮਵੀ ਸੱਪਾਂ ਬਲਾਕ ਖਜ਼ਾਨਚੀ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਜਥੇਬੰਦੀ ਵੱਲੋਂ ਅਤੇ ਬਲਦੇਵ ਸਿੰਘ ਝਲੇੜੀ ਦਰਸ਼ਨ ਸਿੰਘ, ਨਾਨਕ ਸਿੰਘ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਹਾਜ਼ਰੀ ਲਗਵਾਈ ਗਈ। ਇਸ ਤੋਂ ਇਲਾਵਾ ਮੀਟਿੰਗ ਵਿੱਚ ਉਜਾੜਾ ਸੰਘਰਸ਼ ਕਮੇਟੀ ਵੱਲੋਂ ਬਲਜੀਤ ਸਿੰਘ, ਪਪੂਰਾਮ, ਕਰਮ ਸਿੰਘ, ਦਰਬਾਰਾ ਸਿੰਘ, ਪ੍ਰਗਟ ਸਿੰਘ, ਬਲਵੀਰ ਸਿੰਘ, ਲਖਵੀਰ ਸਿੰਘ, ਗੁਰਮੁਖ ਸਿੰਘ, ਅਜੈਬ ਸਿੰਘ ਅਤੇ ਸਾਧ ਸਿੰਘ ਆਦਿ ਹੋਰ ਬਹੁਤ ਸਾਰੇ ਕਿਸਾਨ ਆਗੂ ਸਾਮਲ ਸਨ।

ਭਾਜਪਾ ਨੇ ਕੁਲਦੀਪ ਸਿੰਘ ਸਿੱਧੂਪੁਰ ਨੂੰ ਦਿੱਤੀ ਵੱਡੀ ਜ਼ਿੰਮੇਵਾਰੀ

ਬੱਸੀ ਪਠਾਣਾਂ, 9 ਦਸੰਬਰ (ਰਾਜਨ ਭੱਲਾ) ਭਾਰਤੀ ਜਨਤਾ ਪਾਰਟੀ ਵੱਲੋ ਹਲਕਾ ਬੱਸੀ ਪਠਾਣਾਂ ਦੇ ਇੰਚਾਰਜ ਤੇ ਐਸੀ ਮੋਰਚਾ ਪੰਜਾਬ ਦੇ ਸੂਬਾ ਸਪੋਕਸਪਰਸਨ (ਬੁਲਾਰਾ) ਕੁਲਦੀਪ ਸਿੰਘ ਸਿੱਧੂਪੁਰ ਨੂੰ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨੂੰ ਦੇਖਦਿਆਂ ਪਾਰਟੀ ਨੇ ਉਨ੍ਹਾਂ ਨੂੰ ਦੇਸ਼ ਦੀ ਰਾਜਧਾਨੀ ਦਿੱਲੀ ਵਰਗੀ ਵੱਡੀ ਸਟੇਟ ਵਿੱਚ

ਵਿਧਾਨ ਸਭਾ ਹਲਕਾ ਆਦਰਸ਼ ਨਗਰ ਦਾ ਇੰਚਾਰਜ ਨਿਯੁਕਤ ਕੀਤਾ।ਪੱਤਰਕਾਰਾਂ ਨਾਲ ਕਰਦਿਆਂ ਸਿੱਧੂਪੁਰ ਨੇ ਕਿਹਾ ਕਿ ਉਹ ਪੰਜਾਬ ਭਾਜਪਾ ਅਤੇ ਪਾਰਟੀ ਹਾਈਕਮਾਡ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਉਨ੍ਹਾਂ ਨੂੰ ਵੱਡੀ ਜਿੰਮੇਵਾਰੀ ਦਿੱਤੀ ਹੈ।ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਆਦਰਸ਼ ਨਗਰ ਵਿਧਾਨ ਸਭਾ ਸੀਟ ਜਿੱਤ ਕੇ ਪਾਰਟੀ ਹਾਈਕਮਾਡ ਦੀ ਝੋਲੀ ਵਿੱਚ ਪਾਉਣਗੇ।ਉਨ੍ਹਾਂ ਨੇ ਕਿਹਾ ਕਿ ਉਹ ਵਿਧਾਨ ਸਭਾ ਚੋਣਾਂ ਵਿੱਚ ਉਹ ਦਿਨ ਰਾਤ ਮਿਹਨਤ ਕਰਕੇ ਲੋਕਾਂ ਨੂੰ ਭਾਰਤੀ ਜਨਤਾ ਪਾਰਟੀ ਦੇ ਨਾਲ ਜੋੜਨ ਲਈ ਯਤਨਸ਼ੀਲ ਰਹਿਣਗੇ। ਅਤੇ ਲੋਕਾਂ ਨੂੰ ਕੇਜਰੀਵਾਲ ਦੀ ਵਿਚਾਰਧਾਰਾ ਬਾਰੇ ਜਾਣੂ ਕਰਵਾਉਣਗੇ।ਉਨ੍ਹਾਂ ਕਿਹਾ ਕਿ ਦਿੱਲੀ ਦੇ ਲੋਕਾਂ ਨੂੰ ਪੰਜਾਬ ਦੇ ਮੌਜੂਦਾ ਹਾਲਾਤਾਂ ਬਾਰੇ ਜਾਣੂ ਕਰਵਾਇਆ ਜਾਵੇਗਾ। ਉਨਾ ਨੇ ਕਿਹਾ ਕਿ ਹੁਣ ਦਿੱਲੀ ਦੇ ਲੋਕ ਝਾੜੂ ਪਾਰਟੀ ਨੂੰ ਮੂੰਹ ਨਹੀਂ ਲਾਉਣਗੇ। ਅਤੇ ਲੋਕ ਸਰਵ ਪੱਖੀ ਵਿਕਾਸ ਕਰਨ ਵਾਲੀ ਮੋਦੀ ਸਰਕਾਰ ਨੂੰ ਆਪਣਾ ਇੱਕ ਇਕ ਕੀਮਤੀ ਵੋਟ ਦੇਣਗੇ ਅਤੇ ਦਿੱਲੀ ਅੰਦਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣਗੇ।

ਪਿੰਡ ਨੰਗਲ 'ਚ ਵੱਖ ਵੱਖ ਜਥੇਬੰਦੀਆਂ ਨੂੰ ਛੱਡ ਕੇ ਕਿਸਾਨ ਤੇ ਬੀਬੀਆ ਭਾਕਿਯੂ ਕਾਦੀਆ 'ਚ ਸ਼ਾਮਿਲ

ਬਰਨਾਲਾ 9 ਦਸੰਬਰ (ਜਗਸੀਰ ਸਿੰਘ ਧਾਲੀਵਾਲ ਸਹਿਜੜਾ) ਭਾਰਤੀ ਕਿਸਾਨ ਯੂਨੀਅਨ ਕਾਦੀਆ ਇਕਾਈ ਨੰਗਲ ਵਿਖੇ ਵਿਸੇਸ ਮੀਟਿੰਗ ਬਲਾਕ ਆਗੂ ਬਿੱਕਰ ਸਿੰਘ ਨੰਗਲ ਦੀ ਅਗਵਾਈ ਵਿੱਚ ਹੋਈ। ਜਿਸ ਵਿਚ ਜਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਵਿਸੇਸ ਤੋਰ ਤੇ ਪਹੁੰਚੇ ਇਸ ਮੌਕੇ ਸੰਬੋਧਨ ਕਰਦਿਆ ਜਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਨੇ ਕਿਹਾ ਸਰਕਾਰ ਦੀਆ ਕਿਸਾਨ ਮਾਰੂ ਨੀਤੀਆ ਕਾਰਨ ਤੇ ਹੱਕੀ ਮੰਗਾ ਲਈ ਲੜਨ ਲਈ ਦਿਨੋ ਦਿਨ ਕਿਸਾਨ ਜਥੇਬੰਦਕ ਹੋ ਰਹੇ ਹਨ ਜਿਸ ਦੇ ਤਹਿਤ ਅੱਜ ਪਿੰਡ ਨੰਗਲ ਵਿਖੇ ਚੱਲ ਰਹੀ ਇਕਾਈ ਵਿਚ ਵਾਧਾ ਕੀਤਾ ਗਿਆ ਹੈ ਜਿਸ ਵਿਚ ਆਪ ਮੁਹਾਰੇ ਵੱਡੀ ਗਿਣਤੀ ਵਿਚ ਕਿਸਾਨ ,ਨੌਜਵਾਨ ਤੇ ਬੀਬੀਆ ਅੱਜ ਭਾਕਿਯੂ ਕਾਦੀਆ ਜਥੇਬੰਦੀ ਦਾ ਹਿੱਸਾ ਬਣੇ ਹਨ । ਵੱਖ ਵੱਖ ਜਥੇਬੰਦੀਆ ਚੋ ਆਏ ਆਗੂ ਦਰਸ਼ਨ ਸਿੰਘ, ਬੇਅੰਤ ਸਿੰਘ, ਵਰਿੰਦਰ ਸਰਮਾ, ਬਲਜੀਤ ਸਿੰਘ ਚਾਹੜ,ਮਨੀ ਕੁਲਾਰ, ਅਮ੍ਰਿਤ ਚਾਹੜ, ਲੱਖੀ ਚਾਹੜ, ਨਛੱਤਰ ਸਿੰਘ, ਜਿਉਣ ਸਿੰਘ ਚਾਹੜ,ਕਲਵਿੰਦਰ ਸਿੰਘ ਸਮਰਾ, ਗੁਰਪ੍ਰੀਤ ਸਮਰਾ,ਜਸਪਾਲ ਸਮਰਾ,ਰਵਿੰਦਰ ਦਿਉਲ, ਗੁਰਮੇਲ ਮੈਂਬਰ, ਲੱਖਾ ਸਿੰਘ, ਧਰਮਾ ਸਿੰਘ, ਮੱਖਣ ਸਿੰਘ, ਗੁਰਦੀਪ ਸਿੰਘ ਹਰਫੂਲ ਸਿੰਘ, ਜਸਵੀਰ ਸਿੰਘ, ਗੁਰਜੰਟ ਸਿੰਘ ਮੈਂਬਰ ਤੋ ਇਲਾਵਾ ਬੀਬੀਆ ਦੀ ਇਕਾਈ ਦੀ ਚੋਣ ਕੀਤੀ ਗਈ ਜਿਸ ਵਿਚ ਪਰਮਜੀਤ ਕੌਰ ਇਕਾਈ ਪ੍ਰਧਾਨ, ਕਮਲਜੀਤ ਕੌਰ ਮੀਤ ਪ੍ਰਧਾਨ, ਸੁਖਵਿੰਦਰ ਕੌਰ ਭੋਲੀ,ਵੀਰਪਾਲ ਕੌਰ, ਬਲਜੀਤ ਕੌਰ, ਸੁਰਿੰਦਰ ਕੌਰ, ਅਮਰਜੀਤ ਕੌਰ, ਅਮਨਦੀਪ ਕੌਰ ਨੇ ਜਥੇਬੰਦੀ ਵਿਚ ਸਮੂਲੀਅਤ ਕੀਤੀ । ਇਸ ਮੌਕੇ ਭਾਕਿਯੂ ਕਾਦੀਆ ਦੇ ਜਿਲ੍ਹਾ ਪ੍ਰੈਸ ਸਕੱਤਰ ਬਲਦੇਵ ਸਿੰਘ ਬਿੱਟੂ ਝਲੂਰ, ਜਿਲ੍ਹਾ ਆਗੂ ਰਾਜਿੰਦਰ ਸਿੰਘ ਦਰਾਕਾ, ਨੰਗਲ ਇਕਾਈ ਦੇ ਪ੍ਰਧਾਨ ਰਣਜੀਤ ਸਿੰਘ ਭੋਲਾ, ਮੇਜਰ ਸਿੰਘ, ਪ੍ਰਿਤਪਾਲ ਸਿੰਘ ਪਿਰਤਾ, ਬੇਅੰਤ ਸਿੰਘ, ਗੁਰਜੀਤ ਸਿੰਘ ਛੀਨੀਵਾਲ, ਕਰਨੈਲ ਸਿੰਘ ਝਲੂਰ ਆਦਿ ਹਾਜ਼ਰ ਸਨ।

ਫੈਪ ਨੈਸ਼ਨਲ ਅਵਾਰਡ 2024 ਦੇ ਕਲਚਰਲ ਅਚੀਵਮੈਂਟ ਐਵਾਰਡ 2024 ਵਿੱਚ ਸਰਵੋਤਮ ਸੱਭਿਆਚਾਰਕ ਪ੍ਰਾਪਤੀ ਐਵਾਰਡ 2024 ਗਰੁੱਪ ਡਾਂਸ (ਭਾਰਤੀ ਲੋਕਨਾਚ) ਵਿੱਚ ਸਪਾਰਕਲਿੰਗ ਸਕੂਲ ਪਾਤੜਾਂ ਨੇ ਪ੍ਰਾਪਤ ਕੀਤਾ ਦੂਜਾ ਸਥਾਨ

ਪਾਤੜਾਂ 9 ਦਸੰਬਰ (ਜਸਵਿੰਦਰ ਸਿੰਘ ਪਾਰਸ) ਸਪਾਰਕਲਿੰਗ ਕਿਡਜ ਦ ਫਾਉਂਡੇਸ਼ਨ ਸੀਨੀਅਰ ਸੈਕੰਡਰੀ ਸਕੂਲ ਪਾਤੜਾਂ ਨੂੰ ਸੱਭਿਆਚਾਰਕ ਗਤੀਵਿਧੀਆਂ ਵਿੱਚ ਬੇਮਿਸਾਲ ਉੱਤਮਤਾ ਦਾ ਪ੍ਰਦਰਸ਼ਨ ਕਰਨ ਲਈ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਨੇ ਸਰਵੋਤਮ ਸੱਭਿਆਚਾਰਕ ਪ੍ਰਾਪਤੀ ਅਵਾਰਡ 2024 ਨਾਲ ਸਨਮਾਨਿਤ ਕੀਤਾ ਗਿਆ ਹੈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਫੈਪ ਨੈਸ਼ਨਲ ਅਵਾਰਡ 2024 ਵਿੱਚ ਝੁਮਰ ਦਾ ਪ੍ਰਦਰਸ਼ਨ ਕੀਤਾ, ਆਪਣੀ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ ਅਤੇ ਗਰੁੱਪ ਡਾਂਸ (ਭਾਰਤੀ ਲੋਕਨਾਚ) ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ।ਇਹ ਆਵਾਰਡ ਸਮਾਰੋਹ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਆਯੋਜਿਤ ਕੀਤਾ ਗਿਆ ਹੈ। ਸਮਾਗਮ ਦੀ ਪ੍ਰਧਾਨਗੀ ਮਾਨਯੋਗ ਸ. ਜਗਜੀਤ ਸਿੰਘ ਧੂਰੀ ਜੀ, (ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਦੇ ਪ੍ਰਧਾਨ) ਨੇ ਕੀਤੀ। ਉਹਨਾਂ ਦੇ ਪ੍ਰੇਰਨਾਦਾਇਕ ਸ਼ਬਦਾਂ ਨੇ ਸਾਨੂੰ ਹੋਰ ਉਚਾਈਆਂ ਲਈ ਕੋਸ਼ਿਸ਼ ਕਰਨ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਸਕੂਲ ਨੂੰ best school Award ਨਾਲ ਵੀ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਸ਼੍ਰੀਮਤੀ ਹਰਮਨਦੀਪ ਕੌਰ ਨੇ ਇਨ੍ਹਾਂ ਦੋਨਾਂ ਅਵਾਰਡਾਂ ਨੂੰ ਪ੍ਰਾਪਤ ਕਰਨ ਲਈ , ਸਕੂਲ ਦੇ ਸਮੂਹ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਲਈ ਵਧਾਈ ਦਿੱਤੀ।

ਬਿਜਲੀ ਮੁਲਾਜ਼ਮਾਂ ਵੱਲੋਂ ਯੂ ਪੀ ਅਤੇ ਚੰਡੀਗੜ੍ਹ ਦੇ ਬਿਜਲੀ ਕਾਮਿਆਂ ਦੀ ਹਮਾਇਤ ਵਿੱਚ ਅਤੇ ਨਿੱਜੀਕਰਨ ਵਿਰੁੱਧ ਕੇਂਦਰ ਸਰਕਾਰ ਖ਼ਿਲਾਫ਼ ਰੋਸ ਰੈਲੀ

ਗੁਰੂ ਹਰ ਸਹਾਏ 9 ਦਸੰਬਰ (ਮਨੀਸ਼ ਭਠੇਜਾ) :- ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਬਿਜਲੀ ਬੋਰਡ ਅਤੇ ਯੂ ਪੀ ਦੇ ਬਿਜਲੀ ਬੋਰਡ ਨੂੰ ਘਾਟੇ ਵਿੱਚ ਦਿਖਾ ਕੇ ਨਿਜੀਕਰਨ ਕਰਨ ਦੇ ਵਿਰੋਧ ਵਿੱਚ ਅਤੇ ਚੰਡੀਗੜ੍ਹ ਤੇ ਯੂ ਪੀ ਦੇ ਮੁਲਾਜ਼ਮਾਂ ਦੇ ਸੰਘਰਸ਼ ਦੇ ਸਮਰਥਨ ਵਿਚ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ਪੰਜਾਬ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਸੱਦੇ ਉੱਪਰ ਗੁਰੂ ਹਰ ਸਹਾਏ ਦੇ ਸਮੂਹ ਮੁਲਾਜ਼ਮਾਂ ਵੱਲੋਂ ਸ/ਡਵੀਜ਼ਨ ਦਫ਼ਤਰ ਦੇ ਗੇਟ ਅੱਗੇ ਰੋਹ ਭਰਪੂਰ ਰੋਸ ਰੈਲੀ ਪ੍ਰਧਾਨ ਨਾਨਕ ਚੰਦ ਦੀ ਪ੍ਰਧਾਨਗੀ ਹੇਠ ਕੀਤੀ ਗਈ ।ਅੱਜ ਦੀ ਰੋਸ ਰੈਲੀ ਨੂੰ ਸੰਬੋਧਨ ਕਰਦੇ ਸਰਕਲ ਸਕੱਤਰ ਇੰਜ ਸ਼ਿੰਗਾਰ ਮਹਿਰੋਕ ਅਤੇ ਸ/ਡਵੀਜ਼ਨ ਪ੍ਰਧਾਨ ਸੁਰਿੰਦਰ ਕੁਮਾਰ ਨੇ ਸਾਂਝਾ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਚੰਡੀਗੜ੍ਹ ਬਿਜਲੀ ਬੋਰਡ ਅਤੇ ਯੂ ਪੀ ਬਿਜਲੀ ਬੋਰਡ ਮੁਨਾਫ਼ੇ ਵਿਚ ਹੋਣ ਦੇ ਬਾਵਜੂਦ ਵੀ ਸੈਂਟਰ ਦੀ ਮੋਦੀ ਸਰਕਾਰ ਵੱਲੋਂ ਉਸ ਦਾ ਨਿਜੀਕਰਨ ਕੀਤਾ ਜਾ ਰਿਹਾ ਹੈ ਜਿਸ ਕਰਕੇ ਬਿਜਲੀ ਹੋਰ ਮਹਿੰਗੀ ਹੋ ਜਾਵੇਗੀ ਅਤੇ ਗਰੀਬੀ ਰੇਖਾ ਤੋਂ ਹੇਠਾਂ ਰਹਿਣ ਵਾਲੇ ਲੋਕ ਬਿਜਲੀ ਬਾਲਣ ਤੋਂ ਵਾਂਝੇ ਹੋ ਜਾਂਣਗੇ। ਜਾਪਦਾ ਇੰਝ ਹੈ ਕਿ ਮੈਨੇਜਮੈਂਟ ਅਤੇ ਕੇਂਦਰ ਸਰਕਾਰ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਨਹੀਂ ਹੈ । ਆਗੂਆਂ ਵਲੋਂ ਦੱਸਿਆ ਗਿਆ ਕਿ ਬਿਜਲੀ ਅਦਾਰਾ ਇੱਕ ਬੇਹੱਦ ਮਹੱਤਵਪੂਰਨ ਅਦਾਰਾ ਹੈ, ਪ੍ਰੰਤੂ ਸਰਕਾਰ ਵੱਲੋਂ ਇਸ ਅਦਾਰੇ ਵਿੱਚ ਕੰਮ ਕਰਦੇ ਕਾਮਿਆਂ ਦੀ ਸਾਰ ਨਹੀਂ ਲਈ ਜਾ ਰਹੀ ਅਤੇ ਠੇਕੇਦਾਰੀ ਮਾੜੇ ਸਿਸਟਮ ਕਰਕੇ ਲਗਾਤਾਰ ਹਾਦਸੇ ਵੱਧ ਰਹੇ ਹਨ ਅਤੇ ਬਿਜਲੀ ਕਾਮਿਆਂ ਦੀਆਂ

ਕੀਮਤੀ ਜਾਨਾਂ ਇਹਨਾਂ ਹਾਦਸਿਆਂ ਕਰਕੇ ਜਾ ਰਹੀਆਂ ਹਨ ਇਸ ਲਈ ਹਾਦਸੇ ਦਾ ਸ਼ਿਕਾਰ ਹੋਏ ਸਾਥੀਆਂ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਅਤੇ ਓਸੇ ਤਰਜ ਤੇ ਪਰਿਵਾਰ ਦੀ ਵਿੱਤੀ ਸਹਾਇਤਾ ਕੀਤੀ ਜਾਵੇ । ਨਵੇਂ ਭਰਤੀ ਹੋਏ ਕਰਮਚਾਰੀਆਂ/ ਅਧਿਕਾਰੀਆਂ ਉੱਪਰ ਸੱਤਵੇਂ ਪੇ ਕਮਿਸ਼ਨ ਦੀ ਥਾਂ ਤੇ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਸੋਧੇ ਹੋਏ ਭੱਤਿਆਂ ਦਾ ਬਕਾਇਆ, ਰਹਿੰਦੇ ਭੱਤੇ ਸੋਧਣ, ਇਨ ਹਾਊਸ ਕੰਟਰੈਕਟ ਕਾਮਿਆਂ ਨੂੰ ਪੱਕੇ ਕਰਨ, ਹਰੇਕ ਕੈਟਾਗਰੀ ਦੀਆਂ ਤਰੱਕੀਆਂ ਵਿੱਚ ਤੇਜੀ ਲਿਆਉਣ,ਮ੍ਰਿਤਕ ਕਰਮਚਾਰੀਆਂ ਦੇ ਵਾਰਿਸਾਂ ਨੂੰ ਯੋਗ ਨੌਕਰੀ ਦੇਣ, ਖ਼ਾਲੀ ਅਸਾਮੀਆਂ ਤਰੱਕੀ ਰਾਹੀਂ ਅਤੇ ਨਵੀਂ ਭਰਤੀ ਰਾਹੀਂ ਭਰਨ ਆਦਿ ਨੂੰ ਤਰਜੀਹ ਦਿੱਤੀ ਜਾਵੇ। ਆਗੂਆਂ ਨੇ ਮੈਨੇਜਮੈਂਟ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਚੰਡੀਗੜ੍ਹ ਬਿਜਲੀ ਬੋਰਡ ਅਤੇ ਯੂ ਪੀ ਬਿਜਲੀ ਬੋਰਡ ਦਾ ਨਿਜੀਕਰਨ ਰੋਕਣਾ ਚਾਹੀਦਾ ਹੈ ਅਤੇ ਜੇਕਰ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਜੋਆਇੰਟ ਫ਼ੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਵੱਲੋਂ ਜੋ ਵੀ ਸਘੰਰਸ਼ ਉਲੀਕਿਆ ਜਾਵੇਗਾ ਉਸ ਨੂੰ ਇੰਨ ਬਿੰਨ ਲਾਗੂ ਕੀਤਾ ਜਾਵੇਗਾ ਜਿਸਦੀ ਸਾਰੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ। ਅੱਜ ਦੀ ਗੇਟ ਰੈਲੀ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਜਸਵਿੰਦਰ ਪਾਲ , ਸੁਖਦੇਵ ਸਿੰਘ, ਦਵਿੰਦਰ ਸਿੰਘ, ਸੰਦੀਪ ਕੁਮਾਰ,ਬਲਦੇਵ ਸਿੰਘ ,ਪਰਵਿੰਦਰ ਸਿੰਘ ਅਤੇ ਡਵੀਜ਼ਨ ਆਗੂ ਬਲਕਾਰ ਚੰਦ ਅਤੇ ਪੈਨਸ਼ਨਰ ਐਸੋਸ਼ੀਏਸ਼ਨ ਦੇ ਆਗੂ ਨਰੇਸ਼ ਸੇਠੀ, ਬਲਵਿੰਦਰ ਸਿੰਘ ਜੀ ਨੇ ਵੀ ਸੰਬੋਧਨ ਕੀਤਾ ।

ਸਮਾਜ ਸੇਵੀ ਭਾਨ ਸਿੰਘ ਜੱਸੀ ਰਾਹੀਂ ਲੋੜਵੰਦ ਬੱਚੇ ਦੀ ਹੋਈ 10 ਹਜਾਰ ਰੁਪਏ ਦੀ ਮਦਦ

ਗੰਭੀਰ ਰੂਪ ਵਿੱਚ ਹਸਪਤਾਲ ਵਿੱਚ ਦਾਖਲਾ ਹੈ ਬੱਚਾ

**ਮਹਿਲ ਕਲਾਂ 9 ਦਸੰਬਰ (ਜਗਸੀਰ